


ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post




To view our online newspaper visit punjabipost.ca/epaper | Vol 23* Issue 214 | Friday, 22 November 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

# ਟੋਰਾਂਟੋ ਵਿਚ ਭਾਰੀ ਟਰੱਕਾਂ 'ਤੇ ਲਗਾਏ ਜਾਣਗੇ ਸਾਈਡ ਗਾਰਡ

## ਪੈਦਲ ਯਾਤਰੀਆਂ ਅਤੇ ਸਾਈਕਲ ਚਾਲਕਾਂ ਦੀ ਦੀ ਸੁਰੱਖਿਆ ਲਈ ਲਿਆ ਫੈਸਲਾ



ਟੋਰਾਂਟੋ, 21 ਨਵੰਬਰ (ਪੋਸਟ ਬਿਊਰੋ): ਟਰੱਕਾਂ ਨਾਲ ਟਕਰਾਉਣ ਕਾਰਨ ਪੈਦਲ ਯਾਤਰੀਆਂ ਅਤੇ ਸਾਈਕਲ ਚਾਲਕਾਂ ਦੀ ਮੌਤ ਦਰ ਨੂੰ ਘੱਟ ਕਰਨ ਦੀ ਕੋਸ਼ਿਸ਼ ਵਿੱਚ ਟੋਰਾਂਟੋ ਆਪਣੇ ਭਾਰੀ ਵਾਹਨਾਂ ਵਿੱਚ ਸਾਈਡ ਗਾਰਡ ਲਗਾਉਣ 'ਤੇ ਵਿਚਾਰ ਕਰ ਰਿਹਾ ਹੈ।

ਵੱਡੇ ਟਰੱਕਾਂ ਦੀਆਂ ਸਾਈਡਾਂ 'ਤੇ ਐਕਸਲ ਵਿੱਚ ਸੁਰੱਖਿਆ ਵਾਲੀ ਰੇਲਿੰਗ ਜਾਂ ਵਾਰ ਲਗਾਏ ਜਾ ਸਕਦੇ ਹਨ ਤਾਂਕਿ ਟੱਕਰ ਦੌਰਾਨ ਲੋਕਾਂ ਨੂੰ ਪਹੀਆਂ ਹੇਠਾਂ ਆਉਣ ਤੋਂ ਬਚਾਇਆ ਜਾ ਸਕੇ।

ਮੇਅਰ ਓਲਿਵੀਆ ਚਾਓ ਨੇ ਕਿਹਾ ਕਿ ਇਨ੍ਹਾਂ ਨੂੰ ਸ਼ਹਿਰ ਦੇ ਵਾਹਨਾਂ 'ਤੇ ਰੱਖਣ ਦਾ ਮਤਲੱਬ ਹੈ ਜ਼ਿੰਦਗੀਆਂ ਬਚਾਉਣਾ। ਉਨ੍ਹਾਂ ਕਿਹਾ ਕਿ ਇਸਦਾ ਮਤਲੱਬ ਸੁਰੱਖਿਆ ਹੈ।

ਸ਼ਹਿਰ ਦੇ ਕਰਮਚਾਰੀਆਂ ਅਨੁਸਾਰ ਸਾਈਡ ਗਾਰਡ ਸਾਈਕਲ ਚਾਲਕਾਂ ਦੀ ਮੌਤ ਨੂੰ ਲਗਭਗ 62 ਫ਼ੀਸਦੀ ਅਤੇ ਪੈਦਲ ਚੱਲਣ ਵਾਲਿਆਂ ਦੀ ਮੌਤ ਨੂੰ 20 ਫ਼ੀਸਦੀ ਤੱਕ ਘੱਟ ਕਰ ਸਕਦੇ ਹਨ।

ਬੁੱਧਵਾਰ ਨੂੰ ਸਾਈਡ ਗਾਰਡ ਲੱਗੇ ਇੱਕ ਵਾਹਨ ਸਾਹਮਣੇ ਖੜ੍ਹੇ ਹੋਕੇ, ਚਾਓ ਨੇ ਜੇਨਾ ਮਾਰਿਸਨ ਦੇ ਪਤੀ ਅਤੇ ਬੱਚੇ ਨਾਲ ਕੀਤੇ ਗਏ ਇੱਕ ਵਾਅਦੇ ਨੂੰ ਯਾਦ ਕੀਤਾ। ਉਨ੍ਹਾ ਕਿਹਾ ਕਿ ਜਦੋਂ ਉਹ ਸਾਂਸਦ ਸਨ ਤਾਂ ਇੱਕ 38 ਸਾਲਾ ਯੋਗ ਅਧਿਆਪਕ ਜੋ 2011 ਵਿੱਚ ਸਾਈਕਲ ਚਲਾਉਂਦੇ ਸਮੇਂ ਇੱਕ ਟਰਾਂਸਪੋਰਟ ਟਰੱਕ ਨਾਲ ਬੁਰੀ ਤਰ੍ਹਾਂ ਟਕਰਾਅ ਗਈ ਸੀ।

ਚਾਓ ਨੇ ਕਿਹਾ ਕਿ ਉਸ ਸਮੇਂ ਮੈਂ ਉਨ੍ਹਾਂ ਦੇ ਪਤੀ ਨਾਲ ਵਾਅਦਾ ਕੀਤਾ ਸੀ ਕਿ ਮੈਂ ਇਹ ਯਕੀਨੀ ਕਰਨ ਲਈ ਕੁਝ ਕਰਾਂਗੀ ਕਿ ਅਜਿਹਾ ਦੁਬਾਰਾ ਦੂਜੇ ਲੋਕਾਂ ਨਾਲ ਨਾ ਹੋਵੇ।

...ਬਾਕੀ ਪੰਨਾ 2 'ਤੇ

# ਟੋਰਾਂਟੋ ਕਮਿਊਨਿਟੀ ਹਾਊਸਿੰਗ ਬਿਲਡਿੰਗ ਵਿੱਚ ਚਾਰ ਮਹੀਨੇ ਦੇ ਬੱਚੇ ਦੀ ਸ਼ੱਕੀ ਹਾਲਤਾਂ 'ਚ ਮੌਤ



ਟੋਰਾਂਟੋ, 21 ਨਵੰਬਰ (ਪੋਸਟ ਬਿਊਰੋ): ਬੁੱਧਵਾਰ ਦੁਪਹਿਰ ਸ਼ਹਿਰ ਦੇ ਮਿਡਟਾਊਨ ਖੇਤਰ ਵਿੱਚ ਟੋਰਾਂਟੋ ਕਮਿਊਨਿਟੀ ਹਾਊਸਿੰਗ ਬਿਲਡਿੰਗ ਵਿੱਚ ਇੱਕ ਚਾਰ ਮਹੀਨੇ ਦੇ ਬੱਚੇ ਦੀ ਮੌਤ ਹੋ ਗਈ, ਜਿਸਨੂੰ ਟੋਰਾਂਟੋ ਪੁਲਿਸ ਸ਼ੱਕੀ ਘਟਨਾ ਦੱਸ ਰਹੀ ਹੈ।

ਪੁਲਿਸ ਦਾ ਕਹਿਣਾ ਹੈ ਕਿ ਸਵੇਰੇ 11:30 ਵਜੇ ਦੇ ਲਗਭਗ ਪਰਿਵਾਰ ਦੇ ਇੱਕ ਮੈਂਬਰ ਨੇ ਬੱਚੇ ਦੇ ਲਾਪਤਾ ਹੋਣ ਦੀ ਸੂਚਨਾ ਦਿੱਤੀ ਸੀ।

...ਬਾਕੀ ਪੰਨਾ 2 'ਤੇ

# ਬਰੈਂਪਟਨ ਸਿਟੀ ਕਾਉਂਸਲ ਵੱਲੋਂ ਧਾਰਮਿਕ ਸਥਾਨਾਂ ਦੇ ਆਸਪਾਸ ਵਿਰੋਧ ਪ੍ਰਦਰਸ਼ਨ 'ਤੇ ਪਾਬੰਦੀ ਲਈ ਕਨੂੰਨ ਪਾਸ



ਬਰੈਂਪਟਨ, 21 ਨਵੰਬਰ (ਪੋਸਟ ਬਿਊਰੋ): ਸਿਟੀ ਆਫ਼ ਬਰੈਂਪਟਨ ਨੇ ਇੱਕ ਨਵੇਂ ਬਾਇਲਾਅ ਨੂੰ ਮਨਜ਼ੂਰੀ ਦੇ ਦਿੱਤੀ ਹੈ ਜਿਸ ਨਾਲ ਉਸਨੂੰ ਉਮੀਦ ਹੈ ਕਿ ਇਸ ਨਾਲ ਖੇਤਰ ਵਿੱਚ ਹਾਲ ਦੀ ਧਾਰਮਿਕ ਹਿੰਸਾ ਪ੍ਰਦਰਸ਼ਨ ਵਰਗੀਆਂ ਘਟਨਾਵਾਂ 'ਤੇ ਰੋਕ ਲੱਗੇਗੀ।

ਬੁੱਧਵਾਰ ਨੂੰ ਸਿਟੀ ਕਾਉਂਸਲ ਨੇ ਸਰਵਸੰਮਤੀ ਨਾਲ ਇੱਕ ਨਵਾਂ ਕਾਨੂੰਨ ਪਾਸ ਕੀਤਾ ਜੋ ਧਾਰਮਿਕ ਸਥਾਨ ਦੇ 100 ਮੀਟਰ ਦੇ ਅੰਦਰ ਵਿਰੋਧ ਪ੍ਰਦਰਸ਼ਨ ਨੂੰ ਗ਼ੈਰਕਾਨੂੰਨੀ ਮੰਨਦਾ ਹੈ।

ਬਰੈਂਪਟਨ ਦੇ ਮੇਅਰ ਪੈਟਰਿਕ ਬਰਾਊਨ ਨੇ ਕਿਹਾ ਕਿ ਸਾਡਾ ਟੀਚਾ ਇਹ ਯਕੀਨੀ ਕਰਨਾ ਹੈ ਕਿ ਚਾਹੇ ਤੁਸੀਂ ਮੰਦਰ, ਗੁਰ-ਦੁਆਰੇ, ਮਸਜ਼ਿਦ, ਗਿਰਜਾ ਘਰ ਵਿੱਚ ਜਾਵੋਂ, ਹਰ ਕੋਈ ਹਿੰਸਾ ਅਤੇ ਧਮਕੀ ਤੋਂ ਮੁਕਤ ਹੋ ਕੇ ਸ਼ਾਂਤੀ ਨਾਲ ਅਰਦਾਸ ਕਰ ਸਕੋਂ।

ਜਦੋਂਕਿ ਬਾਇਲਾਅ ਦੰਗਾ ਪੈਦਾ ਕਰਨ ਵਾਲੇ ਪ੍ਰਦਰਸ਼ਨਾਂ 'ਤੇ ਰੋਕ ਲਗਾਉਂਦਾ ਹੈ। ਕਾਉਂਸਲਰਾਂ ਦਾ ਕਹਿਣਾ ਹੈ ਕਿ ਬਾਇਲਾਅ ਸ਼ਾਂਤੀਪੂਰਨ ਰੈਲੀਆਂ ਅਤੇ ਪ੍ਰਦਰਸ਼ਨਾਂ ਨੂੰ ਰੋਕਣ ਲਈ ਨਹੀਂ ਹੈ।

ਇਸ ਕਾਨੂੰਨ 'ਤੇ ਵਿਚਾਰ ਇਸ ਮਹੀਨੇ ਦੀ ਸ਼ੁਰੂਆਤ ਵਿੱਚ ਉਸ ਸਮੇਂ ਸਾਹਮਣੇ ਆਇਆ, ਜਦੋਂ ਪੀਲ ਖੇਤਰ ਵਿੱਚ ਇੱਕ ਤੋਂ ਬਾਅਦ ਇੱਕ ਪ੍ਰਦਰਸ਼ਨਾਂ ਨੇ ਮੰਦਰ ਅਤੇ ਗੁਰਦੁਆਰਿਆਂ ਵਿੱਚ ਧਾਰਮਿਕ ਸਮੂਹਾਂ ਵਿਚਕਾਰ ਝੜਪ ਦੇ ਨਾਲ ਹਿੰਸਾ ਦਾ ਰੂਪ ਲੈ ਲਿਆ ਸੀ।


















## ਅੱਜ ਨਾਮਾ

ਫਸ ਗਿਆ ਫੇਰ ਅਡਾਨੀ ਤਾਂ ਪਿਆ ਰੌਲਾ,
ਕੇਸ ਰਿਸ਼ਵਤ ਦਾ ਹੋ ਗਿਆ ਦਰਜ ਬੇਲੀ।
ਜਿੱਡੇ ਪੱਧਰ ਦਾ ਮਾਮਲਾ ਉੱਠ ਪਿਆ ਈ,
ਸੁਣ ਸੁਣ ਲੋਕ ਨੇ ਹੋਏ ਅਸਚਰਜ ਬੇਲੀ।
ਬਣਦੇ ਵਾਰੰਟ ਗ੍ਰਿਫਤਾਰੀ ਦੇ ਸੁਣੀਂਦੇ ਈ,
ਪਈ ਆ ਪੂਰੇ ਸੰਸਾਰ ਵਿੱਚ ਗਰਜ ਬੇਲੀ।
ਖੜੋਤੇ ਮੋਦੀ ਦੇ ਮਿੱਤਰ ਆ ਨਾਲ ਉਹਦੇ,
ਪਾਲਦੇ ਰਹਿਣਗੇ ਯਾਰੀ ਦਾ ਫਰਜ਼ ਬੇਲੀ।
ਕੀਤੀ ਜਿਨ੍ਹਾਂ ਨੇ ਕਦੀ ਨਹੀਂ ਲਾਜ ਪਹਿਲਾਂ,
ਯਾਰੀ ਗੌਤਮ ਦੀ ਸਕਣ ਨਹੀਂ ਛੱਡ ਬੇਲੀ।
ਹਿੱਸਾ-ਪੱਤੀ ਸਭ ਜਿਨ੍ਹਾਂ ਨੂੰ ਰਹੀ ਮਿਲਦੀ,
ਕਿਸ ਤਰ੍ਹਾਂ ਹੋਣਗੇ ਅੱਜ ਫਿਰ ਅੱਡ ਬੇਲੀ।

**ਤੀਸ ਮਾਰ ਖਾਂ**

# ਗੌਤਮ ਅਡਾਨੀ ’ਤੇ ਨਿਊਯਾਰਕ ਵਿਚ ਧੋਖਾਧੜੀ ਦਾ ਦੋਸ਼, 2200 ਕਰੋੜ ਦੀ ਰਿਸ਼ਵਤ ਦੀ ਕੀਤੀ ਪੇਸ਼ਕਸ਼

ਨਿਊਯਾਰਕ, 21 ਨਵੰਬਰ (ਪੋਸਟ ਬਿਊਰੋ): ਅਮਰੀਕਾ 'ਚ ਉਦਯੋਗਪਤੀ ਗੌਤਮ ਅਡਾਨੀ ਸਮੇਤ 8 ਲੋਕਾਂ 'ਤੇ ਅਰਬਾਂ ਰੁਪਏ ਦੀ ਧੋਖਾਧੜੀ ਦੇ ਦੋਸ਼ ਲੱਗੇ ਹਨ। ਸੰਯੁਕਤ ਰਾਜ ਦੇ ਅਟਾਰਨੀ ਦਫਤਰ ਦਾ ਕਹਿਣਾ ਹੈ ਕਿ ਅਡਾਨੀ ਨੇ ਭਾਰਤ ਵਿੱਚ ਸੂਰਜੀ ਊਰਜਾ ਨਾਲ ਸਬੰਧਤ ਠੇਕੇ ਹਾਸਿਲ ਕਰਨ ਲਈ ਭਾਰਤੀ ਅਧਿਕਾਰੀਆਂ ਨੂੰ 265 ਮਿਲੀਅਨ ਡਾਲਰ (ਕਰੀਬ 2200 ਕਰੋੜ ਰੁਪਏ) ਦੀ ਰਿਸ਼ਵਤ ਦਿੱਤੀ ਜਾਂ ਦੇਣ ਦੀ ਯੋਜਨਾ ਬਣਾਈ ਸੀ।



ਇਹ ਪੂਰਾ ਮਾਮਲਾ ਅਡਾਨੀ ਗਰੁੱਪ ਦੀ ਕੰਪਨੀ ਅਡਾਨੀ ਗ੍ਰੀਨ ਐਨਰਜੀ ਲਿਮਿਟਡ ਅਤੇ ਇੱਕ ਹੋਰ ਫਰਮ ਨਾਲ ਸਬੰਧਤ ਹੈ। ਇਹ ਮਾਮਲਾ 24 ਅਕਤੂਬਰ 2024 ਨੂੰ ਨਿਊਯਾਰਕ ਦੀ ਫੈਡਰਲ ਅਦਾਲਤ ਵਿੱਚ ਦਰਜ ਕੀਤਾ ਗਿਆ ਸੀ। ਬੁੱਧਵਾਰ ਨੂੰ ਹੋਈ ਸੁਣਵਾਈ 'ਚ ਗੌਤਮ ਅਡਾਨੀ, ਉਨ੍ਹਾਂ ਦੇ ਭਤੀਜੇ ਸਾਗਰ ਅਡਾਨੀ, ਵਿਨੀਤ ਐੱਸ ਜੈਨ, ਰਣਜੀਤ ਗੁਪਤਾ, ਸਿਰਿਲ ਕੈਬੇਨਿਸ, ਸੌਰਭ ਅਗਰਵਾਲ, ਦੀਪਕ ਮਲਹੋਤਰਾ ਅਤੇ ਰੂਪੇਸ਼ ਅਗਰਵਾਲ ਨੂੰ ਦੋਸ਼ੀ ਬਣਾਇਆ ਗਿਆ ਹੈ।

ਰਾਈਟਰਜ਼ ਦੀ ਰਿਪੋਰਟ ਮੁਤਾਬਕ ਗੌਤਮ ਅਡਾਨੀ ਅਤੇ ਸਾਗਰ ਖਿਲਾਫ ਗ੍ਰਿਫਤਾਰੀ ਵਾਰੰਟ ਵੀ ਜਾਰੀ ਕੀਤੇ ਗਏ ਹਨ। ਸਾਗਰ ਅਡਾਨੀ ਗ੍ਰੀਨ ਐਨਰਜੀ ਲਿਮਿਟਡ ਦਾ ਅਧਿਕਾਰੀ ਹੈ।

ਅਡਾਨੀ 'ਤੇ ਰਿਸ਼ਵਤ ਦੀ ਇਹ ਰਕਮ ਇਕੱਠੀ ਕਰਨ ਲਈ ਅਮਰੀਕੀ ਨਿਵੇਸ਼ਕਾਂ ਅਤੇ ਬੈਂਕਾਂ ਨਾਲ ਝੂਠ ਬੋਲਣ ਦਾ ਦੋਸ਼ ਹੈ। ਇਹ ਕੇਸ ਅਮਰੀਕਾ ਵਿਚ ਇਸ ਲਈ ਦਰਜ ਕੀਤਾ ਗਿਆ ਸੀ ਕਿਉਂਕਿ ਅਮਰੀਕੀ ਨਿਵੇਸ਼ਕਾਂ ਦਾ ਪੈਸਾ ਇਸ ਪ੍ਰੋਜੈਕਟ ਵਿਚ ਲਗਾਇਆ ਗਿਆ ਸੀ ਅਤੇ ਅਮਰੀਕੀ ਕਾਨੂੰਨ ਤਹਿਤ ਉਸ ਪੈਸੇ ਨੂੰ ਰਿਸ਼ਵਤ ਵਜੋਂ ਦੇਣਾ ਅਪਰਾਧ ਹੈ।

# ਟੋਰਾਂਟੋ ਵਿਚ ਭਾਰੀ ਟਰੱਕਾਂ ’ਤੇ ਲਗਾਏ ਜਾਣਗੇ ਸਾਈਡ ਗਾਰਡ

ਪੰਨਾ 1 ਦਾ ਬਾਕੀ

ਅਗਲੇ ਹਫ਼ਤੇ ਸ਼ਹਿਰ ਦੀ ਬੁਨਿਆਦੀ ਢਾਂਚਾ ਅਤੇ ਵਾਤਾਵਰਣ ਕਮੇਟੀ ਸਾਹਮਣੇ ਆਉਣ ਵਾਲੀ ਇੱਕ ਰਿਪੋਰਟ ਵਿਚ ਸਿਫਾਰਿਸ਼ ਕੀਤੀ ਗਈ ਹੈ ਕਿ ਕਿ ਸ਼ਹਿਰ ਦੇ ਸਾਰੇ ਕਰਮਸ਼ੀਅਲ ਵਾਹਨਾਂ ਨੂੰ ਸਾਈਡ ਗਾਰਡ ਲਗਾਏ ਜਾਣ।

ਚਾਓ ਨੇ ਕਿਹਾ ਕਿ ਜੇਕਰ ਕੋਈ ਸਾਈਡ ਗਾਰਡ ਹੋਵੇਗਾ ਤਾਂ ਪੈਦਲ ਯਾਤਰੀ ਜਾਂ ਸਾਈਕਲ ਚਾਲਕ ਟੱਕਰ ਨਾਲ ਉਛਲ ਜਾਣਗੇ, ਉਨ੍ਹਾਂ ਨੂੰ ਥੋੜ੍ਹੀ ਚੋਟ ਲੱਗੇਗੀ।

ਸ਼ਹਿਰ ਦੇ ਕਰਮਚਾਰੀਆਂ ਦਾ ਅਨੁਮਾਨ ਹੈ ਕਿ ਟੋਰਾਂਟੋ ਦੇ 500 ਹੈਵੀ-ਡਿਊਟੀ ਵਾਹਨਾਂ ਦੀ ਰੇਟਰੋਫਿਟਿੰਗ ’ਤੇ ਲਗਭਗ 5.7 ਮਿ-ਲਅਨ ਡਾਲਰ ਦੀ ਲਾਗਤ ਆਵੇਗੀ। ਸਟਾਫ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਲਗਭਗ 219 ਵਾਹਨਾਂ ਨੂੰ ਦਸੰਬਰ 2025 ਤੱਕ ਰੇਟਰੋਫਿਟ ਕੀਤਾ ਜਾ ਸਕਦਾ ਹੈ, ਜਦੋਂਕਿ ਬਾਕੀ ਨੂੰ 2026 ਦੇ ਅੰਤ ਤੱਕ ਪੂਰਾ ਕੀਤਾ ਜਾ ਸਕਦਾ ਹੈ।

# ਨੇਤਨਯਾਹੂ ਵਿਰੁੱਧ ਅੰਤਰਰਾਸ਼ਟਰੀ ਅਦਾਲਤ ਵਿੱਚ ਜੰਗੀ ਅਪਰਾਧ ਦੇ ਦੋਸ਼ ਤੈਅ, ਗ੍ਰਿਫਤਾਰੀ ਵਾਰੰਟ ਜਾਰੀ

ਤਲਤਵੀਵ, 21 ਨਵੰਬਰ (ਪੋਸਟ ਬਿਊਰੋ): ਅੰਤਰਰਾਸ਼ਟਰੀ ਕ੍ਰੀਮੀਨਲ ਕੋਰਟ ਨੇ ਵੀਰਵਾਰ ਨੂੰ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਖਿਲਾਫ ਗ੍ਰਿਫ਼ਤਾਰੀ ਵਾਰੰਟ ਜਾਰੀ ਕੀਤਾ ਹੈ। ਅਦਾਲਤ ਨੇ ਨੇਤਨਯਾਹੂ 'ਤੇ ਗਾਜ਼ਾ 'ਚ ਯੁੱਧ ਅਪਰਾਧ ਅਤੇ ਮਨੁੱਖਤਾ ਵਿਰੁੱਧ ਅਪਰਾਧਾਂ ਦਾ ਦੋਸ਼ ਲਗਾਇਆ ਹੈ। ਆਈਸੀਸੀ ਨੇ ਮੰਨਿਆ ਕਿ ਹਮਾਸ ਨੂੰ ਖ਼ਤਮ ਕਰਨ ਦੀ ਆੜ ਵਿੱਚ ਇਜ਼ਰਾਈਲੀ ਫ਼ੌਜ ਬੇਗੁਨਾਹਾਂ ਨੂੰ ਮਾਰ ਕੇ ਮਰਨ ਲਈ ਛੱਡ ਰਹੀ ਹੈ। ਗਾਜ਼ਾ 'ਚ ਇਜ਼ਰਾਇਲੀ ਹਮਲੇ 'ਚ ਹੁਣ ਤੱਕ 44 ਹਜ਼ਾਰ ਲੋਕਾਂ ਦੀ ਮੌਤ ਹੋ ਚੁੱਕੀ ਹੈ। ਇਸ ਮਾਮਲੇ 'ਚ ਇਜ਼ਰਾਈਲ ਦੇ ਸਾਬਕਾ ਰੱਖਿਆ ਮੰਤਰੀ ਯੋਵ ਗੈਲੈਂਟ ਅਤੇ ਹਮਾਸ ਦੇ ਸਾਬਕਾ ਕਮਾਂਡਰ ਮੁਹੰਮਦ ਦਾਇਫ ਖਿਲਾਫ ਵੀ ਵਾਰੰਟ ਜਾਰੀ ਕੀਤੇ ਗਏ ਹਨ।

ਵਾਰੰਟ 'ਚ ਮੁਹੰਮਦ ਦਾਇਫ 'ਤੇ 7 ਅਕਤੂਬਰ ਨੂੰ ਇਜ਼ਰਾਈਲ 'ਚ ਸਮੂਹਿਕ ਕਤਲ, ਬਲਾਤਕਾਰ ਅਤੇ ਲੋਕਾਂ ਨੂੰ ਬੰਧਕ ਬਣਾਉਣ ਦਾ ਦੋਸ਼ ਹੈ। ਹਾਲਾਂਕਿ, ਇਜ਼ਰਾਈਲ ਨੇ ਜੁਲਾਈ ਵਿੱਚ ਇੱਕ ਹਮਲੇ ਵਿੱਚ ਮੁਹੰਮਦ ਦਾਇਫ ਨੂੰ ਮਾਰਨ ਦਾ ਦਾਅਵਾ ਕੀਤਾ ਸੀ।



ਇੰਟਰਨੈਸ਼ਨਲ ਕ੍ਰਿਮੀਨਲ ਕੋਰਟ ਨੇ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਖਿਲਾਫ ਯੂਕਰੇਨ ਵਿੱਚ ਜੰਗੀ ਅਪਰਾਧਾਂ ਲਈ ਗ੍ਰਿਫ਼ਤਾਰੀ ਵਾਰੰਟ ਵੀ ਜਾਰੀ ਕੀਤਾ ਹੈ।

ਇਜ਼ਰਾਈਲ ਨੇ ਆਈਸੀਸੀ ਦੇ ਦੋਸ਼ਾਂ ਨੂੰ ਖਾਰਜ ਕਰ ਦਿੱਤਾ ਹੈ। ਇਜ਼ਰਾਈਲ ਨੇ ਕਿਹਾ, ਅਜਿਹਾ ਫੈਸਲਾ ਆਈਸੀਸੀ ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ ਹੈ। ਇਜ਼ਰਾਈਲ ਦੇ ਪ੍ਰਮੁੱਖ ਵਿਰੋਧੀ ਨੇਤਾ ਯੇਅਰ ਲਿਪਿਡ ਨੇ ਵੀ ਇਸ ਆਦੇਸ਼ ਦੀ ਨਿੰਦਾ ਕਰਦੇ ਹੋਏ ਇਸਨੂੰ ਅੱਤਵਾਦ ਲਈ ਇਨਾਮ ਦੱਸਿਆ। ਵਾਰੰਟ 'ਤੇ ਨੇਤਨਯਾਹੂ ਅਤੇ ਗੈਲੈਂਟ ਵੱਲੋਂ ਫਿਲਹਾਲ ਕੋਈ ਪ੍ਰਤੀਕਿਰਿਆ ਨਹੀਂ ਆਈ ਹੈ।

# ਅੱਠ ਹਫਤਿਆਂ ਬਾਅਦ ਸਿੱਖਾਂ ’ਤੇ ਚੁਟਕਲੇ ਵਾਲੀਆਂ ਵੈੱਬਸਾਈਟਾਂ ’ਤੇ ਪਾਬੰਦੀ ਲਗਾਉਣ ਦੀ ਮੰਗ ਵਾਲੀ ਪਟੀਸ਼ਨ ’ਤੇ ਹੋਵੇਗੀ ਸੁਣਵਾਈ

ਨਵੀਂ ਦਿੱਲੀ, 21 ਨਵੰਬਰ (ਪੋਸਟ ਬਿਊਰੋ): ਸੁਪਰੀਮ ਕੋਰਟ ਉਨ੍ਹਾਂ ਵੈੱਬਸਾਈਟਾਂ ’ਤੇ ਅੱਠ ਹਫ਼ਤਿਆਂ ਬਾਅਦ ਸੁਣਵਾਈ ਕਰੇਗਾ ਜੋ ਸਿੱਖਾਂ ਬਾਰੇ ਚੁਟਕਲੇ ਵਿਖਾ ਕੇ ਉਨ੍ਹਾਂ ਨੂੰ ਗਲਤ ਤਰੀਕੇ ਨਾਲ ਪੇਸ਼ ਕਰ ਰਹੀਆਂ ਹਨ। ਜਸਟਿਸ ਬੀ.ਆਰ. ਗਵਈ ਅਤੇ ਜਸਟਿਸ ਕੇ.ਵੀ. ਵਿਸ਼ਵਨਾਥਨ ਦੀ ਬੈਂਚ ਨੇ ਕਿਹਾ ਕਿ ਇਹ ਇਕ ਮਹੱਤਵਪੂਰਨ ਮਾਮਲਾ ਹੈ। ਪਟੀਸ਼ਨਕਰਤਾ ਹਰਵਿੰਦਰ ਚੌਧਰੀ ਨੇ ਬੈਂਚ ਨੂੰ ਸੂਚਿਤ ਕੀਤਾ ਕਿ ਉਹ ਇਸ ਮਾਮਲੇ ਵਿਚ ਅਪਣੇ ਸੁਝਾਵਾਂ ਦੇ ਨਾਲ-ਨਾਲ ਹੋਰ ਧਿਰਾਂ ਦੇ ਸੁਝਾਵਾਂ ਨੂੰ ਇਕਜੁੱਟ ਕਰੇਗੀ ਅਤੇ ਇਕ ਸੰਖੇਪ ਸੰਗ੍ਰਹਿ ਦਾਇਰ ਕਰੇਗੀ।

ਸੁਣਵਾਈ ਦੌਰਾਨ ਚੌਧਰੀ ਨੇ ਸਿੱਖ ਭਾਈਚਾਰੇ ਦੀਆਂ ਔਰਤਾਂ ਦੀਆਂ ਸ਼ਿਕਾਇਤਾਂ ਨੂੰ ਉਜਾਗਰ ਕੀਤਾ, ਜਿਨ੍ਹਾਂ ਦੇ ਕਪੜੇ ਪਹਿਨਣ ਦੇ ਤਰੀਕੇ ਲਈ ਉਨ੍ਹਾਂ ਦਾ ਮਜ਼ਾਕ ਉਡਾਇਆ ਗਿਆ ਸੀ। ਇਸ ਤੋਂ ਇਲਾਵਾ ਉਨ੍ਹਾਂ ਨੇ ਸਕੂਲਾਂ ਵਿਚ ਸਿੱਖ ਬੱਚਿਆਂ ਨਾਲ ਜੁੜੀਆਂ ਸਮੱਸਿਆਵਾਂ ਬਾਰੇ ਵੀ ਦੱਸਿਆ।

ਬੈਂਚ ਨੇ ਕਿਹਾ ਕਿ ਤੁਸੀਂ ਇੱਕ ਛੋਟਾ ਜਿਹਾ ਸੰਗ੍ਰਹਿ ਤਿਆਰ ਕਰੋ ਤਾਂ ਜੋ ਇਸ ਨੂੰ ਪੜ੍ਹਨਾ ਆਸਾਨ ਹੋ ਜਾਵੇ। ਸੁਪਰੀਮ ਕੋਰਟ ਅਕਤੂਬਰ 2015 ’ਚ ਪਟੀਸ਼ਨ ’ਤੇ ਸੁਣਵਾਈ ਕਰਨ ਲਈ ਸਹਿਮਤ ਹੋ ਗਈ ਸੀ ਜਿਸ ਤੋਂ ਬਾਅਦ ਅਜਿਹੀਆਂ ਸ਼ਿਕਾਇਤਾਂ ਉਠਾਉਣ ਵਾਲੀਆਂ ਹੋਰ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਸਨ ਪਟੀਸ਼ਨਕਰਤਾ ਨੇ ਪਹਿਲਾਂ ਕਿਹਾ ਸੀ ਕਿ 5,000 ਤੋਂ ਵੱਧ ਵੈੱਬਸਾਈਟਾਂ ਹਨ ਜੋ ਸਿੱਖਾਂ ਬਾਰੇ ਚੁਟਕਲੇ ਵਿਖਾਉਂਦੀਆਂ ਹਨ ਅਤੇ ਭਾਈਚਾਰੇ ਦੇ ਮੈਂਬਰਾਂ ਨੂੰ ਗਲਤ ਤਰੀਕੇ ਨਾਲ ਪੇਸ਼ ਕਰਦੀਆਂ ਹਨ।

# ਟੋਰਾਂਟੋ ਕਮਿਊਨਿਟੀ ਹਾਊਸਿੰਗ ਬਿਲਡਿੰਗ ਵਿੱਚ ਚਾਰ ਮਹੀਨੇ ਦੇ ਬੱਚੇ ਦੀ ਸ਼ੱਕੀ ਹਾਲਤਾਂ ’ਚ ਮੌਤ

ਪੰਨਾ 1 ਦਾ ਬਾਕੀ

ਉਨ੍ਹਾਂ ਨੇ ਕਿਹਾ ਕਿ ਅਧਿਕਾਰੀਆਂ ਨੇ ਮਾਰਲੀ ਏਵੇਨਿਊ ਕੋਲ ਰੋਸੇਲਾਨ ਏਵੇਨਿਊ ’ਤੇ ਇੱਕ ਅਪਾਰਟਮੈਂਟ ਬਿਲਡਿੰਗ ਵਿੱਚ ਦੌਰਾ ਕੀਤਾ, ਜਿਥੇ ਬੱਚਾ ਸੀ।

ਪੈਰਾਮੇਡਿਕਸ ਵੀ ਘਟਨਾ ਸਥਾਨ ’ਤੇ ਪਹੁੰਚੇ ਅਤੇ ਗੰਭੀਰ ਰੂਪ ਨਾਲ ਜ਼ਖ਼ਮੀ ਬੱਚਾ ਨੂੰ ਹਸਪਤਾਲ ਪਹੁੰਚਾਇਆ।

ਦੁਪਹਿਰ 1 ਵਜੇ ਤੋਂ ਬਾਅਦ ਪੁਲਿਸ ਨੇ ਪੁਸ਼ਟੀ ਕੀਤੀ ਕਿ ਬੱਚੇ ਦੀ ਮੌਤ ਹੋ ਗਈ ਹੈ। ਮੌਤ ਦਾ ਕਾਰਨ ਨਹੀਂ ਦੱਸਿਆ ਗਿਆ ਹੈ। ਪੁਲਿਸ ਨੇ ਇਹ ਵੀ ਨਹੀਂ ਦੱਸਿਆ ਹੈ ਕਿ ਬੱਚਾ ਇਮਾਰਤ ਵਿੱਚ ਕਿੱਥੇ ਸੀ। ਜਾਣਕਾਰੀ ਅਨੁਸਾਰ ਬੁੱਧਵਾਰ ਦੁਪਹਿਰ ਨੂੰ ਅਧਿਕਾਰੀ ਮੁੱਖ ਮੰਜ਼ਿਲ ਦੇ ਕੂੜੇ ਵਾਲੇ ਕਮਰੇ ਦੇ ਬਾਹਰ ਪਹਿਰਾ ਦਿੰਦੇ ਹੋਏ ਦੇਖਿਆ ਗਿਆ ਸੀ ਜਿਸ ’ਤੇ ਇੱਕ ਚਿੰਨ੍ਹ ਲੱਗਾ ਹੋਇਆ ਸੀ ਜਿਸ ਉੱਤੇ ਲਿਖਿਆ ਸੀ, ਕ੍ਰਿਪਾ ਕੰਪੈਕਟਰ ਦਰਵਾਜ਼ਾ ਬੰਦ ਰੱਖੋ। ਪੁਲਿਸ ਨੂੰ ਅੱਠਵੀਂ ਮੰਜ਼ਿਲ ਦੀ ਯੂਨਿਟ ਅਤੇ ਨੇੜੇ ਦੇ ਕੂੜੇਦਾਨ ਦੀ ਸੁਰੱਖਿਆ ਕਰਦੇ ਹੋਏ ਵੀ ਵੇਖਿਆ ਗਿਆ, ਜਿਸਨੂੰ ਪੁਲਿਸ ਟੇਪ ਨਾਲ ਕਵਰ ਕੀਤਾ ਹੋਇਆ ਸੀ।

# ਆਸਟ੍ਰੇਲੀਆ ’ਚ ਬੱਚਿਆਂ ਦੇ ਸੋਸ਼ਲ ਮੀਡੀਆ ’ਤੇ ਪਾਬੰਦੀ ਲਗਾਉਣ ਦੀ ਤਿਆਰੀ, ਸੰਸਦ ’ਚ ਪੇਸ਼ ਕੀਤਾ ਗਿਆ ਬਿੱਲ

ਕੈਨਬਰਾ, 21 ਨਵੰਬਰ (ਪੋਸਟ ਬਿਊਰੋ): ਆਸਟ੍ਰੇਲੀਆ ਅਤੇ ਬ੍ਰਿਟੇਨ ਵਿਚ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੁਆਰਾ ਸੋਸ਼ਲ ਮੀਡੀਆ ਦੀ ਵਰਤੋਂ 'ਤੇ ਜਲਦੀ ਹੀ ਪਾਬੰਦੀ ਲਗਾਈ ਜਾ ਸਕਦੀ ਹੈ। ਇਸ ਸਬੰਧੀ ਇੱਕ ਬਿੱਲ ਆਸਟ੍ਰੇਲੀਆ ਦੀ ਸੰਸਦ ਵਿੱਚ ਵੀ ਪੇਸ਼ ਕੀਤਾ ਗਿਆ ਹੈ। ਬਿੱਲ ਅਨੁਸਾਰ, ਜੇਕਰ ਐਕਸ, ਟਿਕਟਾਕ, ਅਤੇ ਫੇਸਬੁੱਕ ਵਰਗੇ ਪਲੇਟਫਾਰਮ ਬੱਚਿਆਂ ਨੂੰ ਖਾਤੇ ਰੱਖਣ ਤੋਂ ਰੋਕਣ ਵਿੱਚ ਅਸਫਲ ਰਹਿੰਦੇ ਹਨ, ਤਾਂ ਉਨ੍ਹਾਂ ਨੂੰ 32.5 ਮਿਲੀਅਨ ਡਾਲਰ ਤੱਕ ਦਾ ਜ਼ੁਰਮਾਨਾ ਹੋ ਸਕਦਾ ਹੈ।

ਸੰਚਾਰ ਮੰਤਰੀ ਮਿਸ਼ੇਲ ਰੋਲੈਂਡ ਨੇ ਆਸਟ੍ਰੇਲੀਆਈ ਸੰਸਦ ਵਿੱਚ ਦੁਨੀਆਂ ਦਾ ਪਹਿਲਾ ਅਜਿਹਾ ਬਿੱਲ ਪੇਸ਼ ਕੀਤਾ। ਇਸ ਬਿੱਲ ਮੁਤਾਬਕ ਸੁਰੱਖਿਆ ਬਾਰੇ ਫੈਸਲਾ ਕਰਨ ਦੀ ਜ਼ਿੰਮੇਵਾਰੀ ਮਾਪਿਆਂ ਜਾਂ ਬੱਚਿਆਂ ਦੀ ਬਜਾਏ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਹੋਵੇਗੀ। "ਸੋਸ਼ਲ ਮੀਡੀਆ ਬਹੁਤ ਸਾਰੇ ਨੌਜਵਾਨਾਂ ਲਈ ਹਾਨੀਕਾਰਕ ਹੋ ਸਕਦਾ ਹੈ," ਉਨ੍ਹਾਂ ਨੇ ਸੰਸਦ ਨੂੰ ਦੱਸਿਆ ਕਿ 14 ਤੋਂ 17 ਸਾਲ ਦੀ ਉਮਰ ਦੇ ਲਗਭਗ 66% ਆਸਟ੍ਰੇਲੀਅਨਾਂ ਨੇ ਬਹੁਤ ਨੁਕਸਾਨਦੇਹ ਸਮੱਗਰੀ ਦੇਖੀ ਹੈ, ਜਿਸ ਵਿੱਚ ਡਰੱਗ ਦੀ ਵਰਤੋਂ, ਖੁਦਕੁਸ਼ੀ ਜਾਂ ਸਵੈ-ਨੁਕਸਾਨ ਸ਼ਾਮਿਲ ਹੈ।



ਇਸ ਬਿੱਲ ਨੂੰ ਲੇਬਰ ਪਾਰਟੀ ਅਤੇ ਵਿਰੋਧੀ ਲਿਬਰਲ ਪਾਰਟੀ ਦਾ ਸਮਰਥਨ ਹਾਸਿਲ ਹੈ। ਮਾਪਿਆਂ ਦੀ ਸਹਿਮਤੀ ਜਾਂ ਪਹਿਲਾਂ ਤੋਂ ਮੌਜੂਦ ਖਾਤਿਆਂ ਲਈ ਕੋਈ ਛੋਟ ਨਹੀਂ ਹੋਵੇਗੀ। ਇੱਕ ਵਾਰ ਕਾਨੂੰਨ ਲਾਗੂ ਹੋਣ ਤੋਂ ਬਾਅਦ, ਪਲੇਟਫਾਰਮਾਂ ਕੋਲ ਇਹ ਕੰਮ ਕਰਨ ਲਈ ਇੱਕ ਸਾਲ ਦਾ ਸਮਾਂ ਹੋਵੇਗਾ ਕਿ ਪਾਬੰਦੀ ਨੂੰ ਕਿਵੇਂ ਲਾਗੂ ਕੀਤਾ ਜਾਵੇ।

# ਪਾਕਿਸਤਾਨ ’ਚ ਯਾਤਰੀ ਵੈਨ ’ਤੇ ਹਮਲਾ, 50 ਮੌਤਾਂ, 20 ਜ਼ਖਮੀ

ਇਸਲਾਮਾਬਾਦ, 21 ਨਵੰਬਰ (ਪੋਸਟ ਬਿਊਰੋ): ਪਾਕਿਸਤਾਨ ਦੇ ਖੈਬਰ ਪਖਤੂਖਵਾ ਸੂਬੇ 'ਚ ਵੀਰਵਾਰ ਨੂੰ ਇਕ ਯਾਤਰੀ ਵੈਨ 'ਤੇ ਗੋਲੀਬਾਰੀ ਕੀਤੀ ਗਈ। ਇਸ 'ਚ 50 ਲੋਕਾਂ ਦੀ ਮੌਤ ਹੋ ਗਈ ਸੀ। 20 ਲੋਕ ਜ਼ਖਮੀ ਹਨ। ਇਹ ਘਟਨਾ ਖੈਬਰ ਪਖਤੂਨਖਵਾ ਦੀ ਕੁਰੱਮ ਘਾਟੀ ਦੀ ਹੈ। ਵੈਨ ਪੇਸ਼ਾਵਰ ਤੋਂ ਕੁਰੱਮ ਜਾ ਰਹੀ ਸੀ।

ਇਸ ਤੋਂ ਪਹਿਲਾਂ ਮੰਗਲਵਾਰ ਰਾਤ ਨੂੰ ਖੈਬਰ ਪਖਤੂਨਖਵਾ ਸੂਬੇ ਦੇ ਬੰਨੂ ਜ਼ਿਲ੍ਹੇ 'ਚ ਫੌਜ ਦੀ ਇਕ ਚੌਕੀ 'ਤੇ ਆਤਮਘਾਤੀ ਹਮਲਾ ਹੋਇਆ ਸੀ। ਇਸ ਹਮਲੇ ਵਿਚ 12 ਪਾਕਿਸਤਾਨੀ ਸੈਨਿਕ ਮਾਰੇ ਗਏ ਸਨ। ਉੱਥੇ ਹੀ ਛੇ ਅੱਤਵਾਦੀ ਵੀ ਮਾਰੇ ਗਏ।



ਪਾਕਿਸਤਾਨੀ ਫੌਜ ਦੇ ਮੀਡੀਆ ਵਿੰਗ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਸੀ ਕਿ ਅੱਤਵਾਦੀਆਂ ਨੇ ਗੱਡੀ ਨੂੰ ਚੈਕ ਪੋਸਟ ਦੀ ਕੰਧ ਨਾਲ ਟਕਰਾਇਆ ਅਤੇ ਉਸ 'ਚ ਰੱਖੇ ਵਿਸਫੋਟਕ ਦਾ ਧਮਾਕਾ ਕਰ ਦਿੱਤਾ। ਇਸ ਧਮਾਕੇ 'ਚ 12 ਜਵਾਨ ਸ਼ਹੀਦ ਹੋ ਗਏ ਸਨ। ਜਵਾਬੀ ਕਾਰਵਾਈ 'ਚ ਫੌਜ ਨੇ ਵੀ 6 ਅੱਤਵਾਦੀਆਂ ਨੂੰ ਮਾਰ ਦਿੱਤਾ।

16 ਨਵੰਬਰ ਨੂੰ ਪਾਕਿਸਤਾਨ ਦੇ ਪੱਛਮੀ ਸੂਬੇ ਬਲੋਚਿਸਤਾਨ 'ਚ ਫੌਜ ਦੀ ਇਕ ਚੌਕੀ 'ਤੇ ਹਮਲਾ ਕੀਤਾ ਗਿਆ ਸੀ। ਇਸ ਹਮਲੇ ਵਿਚ ਪਾਕਿਸਤਾਨੀ ਸੁਰੱਖਿਆ ਬਲਾਂ ਦੇ 7 ਜਵਾਨ ਸ਼ਹੀਦ ਹੋ ਗਏ ਸਨ।

# ਵਿਆਹ ਤੋਂ ਇੱਕ ਦਿਨ ਪਹਿਲਾਂ ਦਿਲ ਦਾ ਦੌਰਾ ਪੈਣ ਕਾਰਨ ਵਿਆਹ ਵਾਲੇ ਮੁੰਡੇ ਦੀ ਮੌਤ

ਹਾਥਰਸ, 21 ਨਵੰਬਰ (ਪੋਸਟ ਬਿਊਰੋ): ਯੂਪੀ ਦੇ ਹਾਥਰਸ ਤੋਂ ਇੱਕ ਦਰਦਨਾਕ ਖ਼ਬਰ ਸਾਹਮਣੇ ਆਈ ਹੈ। ਇੱਥੇ ਵਿਆਹ ਤੋਂ ਇੱਕ ਦਿਨ ਪਹਿਲਾਂ ਹੀ ਲਾੜੇ ਦੀ ਮੌਤ ਹੋ ਗਈ। ਡਾਂਸ ਕਰਦੇ ਸਮੇਂ ਲਾੜੇ ਨੂੰ ਦਿਲ ਦਾ ਦੌਰਾ ਪੈ ਗਿਆ, ਜਿਸ ਤੋਂ ਬਾਅਦ ਉਸ ਨੂੰ ਹਸਪਤਾਲ ਲਿਜਾਇਆ ਗਿਆ ਪਰ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

ਵਿਆਹ ਤੋਂ ਇਕ ਦਿਨ ਪਹਿਲਾਂ ਲਾੜੇ ਦੀ ਮੌਤ ਹੋਣ ਕਾਰਨ ਹਥਰਸ 'ਚ ਹੜਕੰਪ ਮਚ ਗਿਆ ਹੈ। ਘਰ ਵਿਚ ਰਿਸ਼ਤੇਦਾਰਾਂ ਨਾਲ ਨੱਚਦੇ ਹੋਏ ਲਾੜੇ ਨੂੰ ਦਿਲ ਦਾ ਦੌਰਾ ਪਿਆ। ਹਸਪਤਾਲ ਲਿਜਾਂਦੇ ਸਮੇਂ ਲਾੜੇ ਦੀ ਮੌਤ ਹੋ ਗਈ ਅਤੇ ਘਰ 'ਚ ਵਿਆਹ ਦੀਆਂ ਖੁਸ਼ੀਆਂ ਮਾਤਮ 'ਚ ਬਦਲ ਗਈਆਂ।

ਲੜਕੇ ਦੀ ਬਰਾਤ ਹਾਥਰਸ ਤੋਂ ਆਗਰਾ ਜਾਣੀ ਸੀ। ਲਾੜੇ ਦੀ ਮੌਤ ਕਾਰਨ ਦੋਨਾਂ ਪਰਿਵਾਰਾਂ ਵਿੱਚ ਸੋਗ ਦੀ ਲਹਿਰ ਹੈ। ਮਾਮਲਾ ਹਾਥਰਸ ਗੇਟ ਥਾਣਾ ਖੇਤਰ ਦੇ ਇਗਲਾਸ ਰੋਡ 'ਤੇ ਸਥਿਤ ਪਿੰਡ ਭੋਜਪੁਰ ਖੇਤਸੀ ਦਾ ਹੈ।

ਲਾੜਾ ਸ਼ਿਵਮ ਸਿਰਫ 27 ਸਾਲ ਦਾ ਸੀ ਅਤੇ ਪਿੰਡ ਭੋਜਪੁਰ ਦਾ ਰਹਿਣ ਵਾਲਾ ਸੀ। ਉਹ ਕੰਟਰੈਕਟ 'ਤੇ ਕੰਪਿਊਟਰ ਅਧਿਆਪਕ ਸੀ। ਉਸ ਦਾ ਵਿਆਹ ਆਗਰਾ ਦੀ ਇੱਕ ਲੜਕੀ ਨਾਲ ਤੈਅ ਹੋਇਆ ਸੀ। ਘਰ ਵਿੱਚ ਰਸਮਾਂ ਖੁਸ਼ੀ-ਖੁਸ਼ੀ ਨਿਭਾਈਆਂ ਗਈਆਂ। ਇਸ ਖੁਸ਼ੀ ਵਿੱਚ ਰਿਸ਼ਤੇਦਾਰ ਅਤੇ ਪਿੰਡ ਦੇ ਲੋਕ ਸ਼ਾਮਿਲ ਹੋਏ।

ਸ਼ਿਵਮ ਨੂੰ ਛਾਤੀ 'ਚ ਦਰਦ ਹੋਣਾ ਸ਼ੁਰੂ ਹੋ ਗਿਆ ਸੀ। ਇਸ ਤੋਂ ਬਾਅਦ ਉਹ ਆਪਣੇ ਕਮਰੇ 'ਚ ਚਲਾ ਗਿਆ, ਜਿੱਥੇ ਉਹ ਅਚਾਨਕ ਜ਼ਮੀਨ 'ਤੇ ਡਿੱਗ ਗਿਆ। ਪਰਿਵਾਰਕ ਮੈਂਬਰ ਉਸ ਨੂੰ ਤੁਰੰਤ ਜ਼ਿਲ੍ਹਾ ਹਸਪਤਾਲ ਲੈ ਗਏ ਪਰ ਡਾਕਟਰਾਂ ਦੀਆਂ ਸਾਰੀਆਂ ਕੋਸ਼ਿਸ਼ਾਂ ਦੇ ਬਾਵਜੂਦ ਉਸ ਨੂੰ ਬਚਾਇਆ ਨਹੀਂ ਜਾ ਸਕਿਆ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

# ਹਰਿਆਣਾ 'ਚ ਸਕੂਲ ਬੱਸ 'ਤੇ ਫਾਇਰਿੰਗ, 4 ਜ਼ਖ਼ਮੀ



ਰਾਣੀਆਂ, 21 ਨਵੰਬਰ (ਪੋਸਟ ਬਿਊਰੋ): ਹਰਿਆਣਾ ਦੇ ਸਿਰਸਾ 'ਚ ਵੀਰਵਾਰ ਸਵੇਰੇ ਕਰੀਬ 8 ਵਜੇ ਪਿਓ-ਪੁੱਤਾਂ ਨੇ ਸਕੂਲ ਬੱਸ ਨੂੰ ਘੇਰ ਕੇ 8 ਤੋਂ 10 ਰਾਊਂਡ ਫਾਇਰ ਕੀਤੇ। ਗੋਲੀਆਂ ਲੱਗਣ ਨਾਲ ਵੈਨ ਦੇ ਡਰਾਈਵਰ ਅਤੇ ਇੱਕ ਵਿਦਿਆਰਥੀ ਸਮੇਤ ਚਾਰ ਵਿਅਕਤੀ ਜ਼ਖ਼ਮੀ ਹੋ ਗਏ। ਡਰਾਈਵਰ ਦੀ ਛਾਤੀ ਅਤੇ ਲੱਤ ਵਿੱਚ ਗੋਲੀ ਲੱਗੀ ਅਤੇ ਵਿਦਿਆਰਥੀ ਦੀ ਲੱਤ ਵਿੱਚ ਗੋਲੀ ਲੱਗੀ ਸੀ।

ਪੁਲਿਸ ਜਾਂਚ ਅਨੁਸਾਰ ਪੁਰਾਣੀ ਰੰਜਿਸ਼ ਕਾਰਨ ਇਹ ਘਟਨਾ ਵਾਪਰੀ ਹੈ। ਜਿਸ ਵਿੱਚ ਬਦਲਾ ਲੈਣ ਲਈ ਸਕੂਲ ਬੱਸ ਵਿੱਚ ਸਫਰ ਕਰ ਰਹੇ 10 ਵਿਦਿਆਰਥੀਆਂ ਦੀ ਜਾਨ ਦੀ ਵੀ ਪ੍ਰਵਾਹ ਨਹੀਂ ਕੀਤੀ ਗਈ। ਜ਼ਖਮੀ ਚਾਰੇ ਵਿਅਕਤੀ ਇੱਕੋ ਪਰਿਵਾਰ ਨਾਲ ਸਬੰਧਤ ਹਨ। ਘਟਨਾ ਤੋਂ ਬਾਅਦ ਜ਼ਖਮੀਆਂ ਨੂੰ ਸਿਰਸਾ ਦੇ ਟਰਾਮਾ ਸੈਂਟਰ 'ਚ ਭਰਤੀ ਕਰਵਾਇਆ ਗਿਆ ਹੈ।

ਸਕੂਲ ਬੱਸ ਡਰਾਈਵਰ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਇਸ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੁਲਜ਼ਮ ਫਰਾਰ ਹੋਣ ਦੀ ਕੋਸ਼ਿਸ਼ ਕਰ ਰਹੇ ਸਨ ਪਰ ਪੁਲਿਸ ਨੇ ਉਨ੍ਹਾਂ ਨੂੰ ਕਾਬੂ ਕਰ ਲਿਆ। ਇਸ ਦੌਰਾਨ ਉਸ ਨੇ ਭੱਜਣ ਦੀ ਕੋਸ਼ਿਸ਼ ਕਰਦਿਆਂ ਪੁਲਿਸ ਦੀ ਕਾਰ ਨੂੰ ਵੀ ਆਪਣੀ ਕਾਰ ਨਾਲ ਟੱਕਰ ਮਾਰ ਦਿੱਤੀ।

ਚਸ਼ਮਦੀਦਾਂ ਅਨੁਸਾਰ ਪਿੰਡ ਨਗਰਾਣਾ ਦਾ ਗੁਰਜੀਤ ਸਿੰਘ ਸਕੂਲ ਬੱਸ ਲੈ ਕੇ ਜਾ ਰਿਹਾ ਸੀ। ਬੱਸ ਵਿੱਚ ਉਸ ਸਮੇਂ ਸੰਤ ਨਗਰ ਦੇ ਇੱਕ ਨਿੱਜੀ ਸਕੂਲ ਦੇ 10 ਦੇ ਕਰੀਬ ਵਿਦਿਆਰਥੀ ਵੀ ਸਵਾਰ ਸਨ। ਜਿਸ ਨੂੰ ਉਹ ਸਕੂਲ ਛੱਡਣ ਜਾ ਰਿਹਾ ਸੀ। ਜਦੋਂ ਉਹ ਕਰੀਬ 8:15 ਵਜੇ ਜਾ ਰਿਹਾ ਸੀ ਤਾਂ ਹਮਲਾਵਰ ਚੱਲਦੇ ਟਰੈਕਟਰ ਅਤੇ ਗੱਡੀ ਵਿੱਚ ਸਵਾਰ ਹੋ ਕੇ ਆਏ।

ਉਸ ਨੇ ਸਕੂਲ ਬੱਸ ਦੇ ਅੱਗੇ ਟਰੈਕਟਰ ਖੜ੍ਹਾ ਕਰਕੇ ਬੱਸ ਰੋਕ ਦਿੱਤੀ। ਇਸ ਤੋਂ ਬਾਅਦ ਉਨ੍ਹਾਂ ਨੇ ਬੱਸ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਗੋਲੀਆਂ ਦੀ ਆਵਾਜ਼ ਸੁਣ ਕੇ ਉਥੇ ਹੰਗਾਮਾ ਮਚ ਗਿਆ। ਜਦੋਂ ਉਥੇ ਭੀੜ ਇਕੱਠੀ ਹੋਣ ਲੱਗੀ ਤਾਂ ਦੋਸ਼ੀ ਉਥੋਂ ਫਰਾਰ ਹੋ ਗਿਆ।

ਘਟਨਾ ਦਾ ਪਤਾ ਲੱਗਦਿਆਂ ਹੀ ਪੁਲਿਸ ਪਹੁੰਚੀ। ਪੁਲਿਸ ਨੇ ਟੀਮਾਂ ਬਣਾ ਕੇ ਮੁਲਜ਼ਮਾਂ ਦੀ ਭਾਲ ਸ਼ੁਰੂ ਕੀਤੀ। ਇਸ ਤੋਂ ਬਾਅਦ ਪੁਲਿਸ ਨੇ 2 ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ।


ਪਿੰਡ ਵਾਸੀ ਸੁਖਪਾਲ ਸਿੰਘ ਬਿੱਟੂ ਨੇ ਦੱਸਿਆ ਕਿ ਗੁਰਜੀਤ ਸਿੰਘ ਸਵੇਰੇ ਸਕੂਲ ਬੱਸ ਲੈ ਕੇ ਘਰੋਂ ਨਿਕਲਿਆ ਸੀ। ਇਸ ਦੌਰਾਨ ਵੈਨ ਨੂੰ ਰੋਕ ਕੇ ਫਾਇਰਿੰਗ ਕੀਤੀ ਗਈ। ਗੁਰਜੀਤ ਦਾ ਪਿਤਾ ਅਤੇ ਵੱਡਾ ਭਰਾ ਉਸ ਨੂੰ ਬਚਾਉਣ ਲਈ ਆਏ ਪਰ ਮੁਲਜ਼ਮਾਂ ਨੇ ਉਨ੍ਹਾਂ ਨੂੰ ਵੀ ਗੋਲੀ ਮਾਰ ਦਿੱਤੀ। ਮੁਲਜ਼ਮ ਨੇ 4 ਲੋਕਾਂ ਨੂੰ ਗੋਲੀ ਮਾਰ ਦਿੱਤੀ। ਇਨ੍ਹਾਂ ਵਿੱਚੋਂ ਇੱਕ ਸਕੂਲੀ ਬੱਚਾ ਵੀ ਹੈ। ਬੱਸ ਡਰਾਈਵਰ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਉਸ ਨੂੰ ਅਗਰੋਹਾ ਰੈਫਰ ਕਰ ਦਿੱਤਾ ਗਿਆ ਹੈ।

ਪਿੰਡ ਵਾਸੀ ਅਨੁਸਾਰ 5 ਸਾਲ ਪਹਿਲਾਂ ਪਲਾਟ ਨੂੰ ਲੈ ਕੇ ਜ਼ਖਮੀ ਡਰਾਈਵਰ ਅਤੇ ਮੁਲਜ਼ਮ ਪਿਓ-ਪੁੱਤ ਵਿਚਕਾਰ ਲੜਾਈ ਹੋਈ ਸੀ। ਜਿਸ ਤੋਂ ਬਾਅਦ ਸਮਝੌਤਾ ਹੋਇਆ। ਇਹ ਹਮਲਾ ਇਸੇ ਕਾਰਨ ਹੋ ਸਕਦਾ ਹੈ। ਮੁਲਜ਼ਮਾਂ ਨੇ 8 ਤੋਂ 10 ਰਾਊਂਡ ਫਾਇਰ ਕੀਤੇ।

# ਡਿਊਟੀ ਤੋਂ ਗ਼ੈਰ-ਹਾਜ਼ਰ ਰਹਿਣ ਵਾਲੇ ਪੰਜ ਵੈਟਰਨਰੀ ਅਫ਼ਸਰ ਨੌਕਰੀ ਤੋਂ ਬਰਖ਼ਾਸਤ

## ਡਿਊਟੀ ਪ੍ਰਤੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਖੁੱਡੀਆਂ

ਚੰਡੀਗੜ੍ਹ, 21 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਪਸ਼ੂ ਪਾਲਣ ਵਿਭਾਗ ਨੇ ਡਿਊਟੀ ਤੋਂ ਲੰਬੇ ਸਮੇਂ ਤੱਕ ਗੈਰ-ਹਾਜ਼ਰ ਰਹਿਣ ਵਾਲਿਆਂ ਨਾਲ ਨਜਿੱਠਣ ਲਈ ਸਖ਼ਤ ਕਦਮ ਚੁੱਕਦਿਆਂ ਅੱਜ ਪੰਜ ਵੈਟਰਨਰੀ ਅਫ਼ਸਰਾਂ ਦੀਆਂ ਸੇਵਾਵਾਂ ਨੂੰ ਤੁਰੰਤ ਪ੍ਰਭਾਵ ਨਾਲ ਖ਼ਤਮ ਕਰ ਦਿੱਤਾ ਹੈ।



ਪਸ਼ੂ ਪਾਲਣ, ਡੇਅਰੀ ਵਿਕਾਸ ਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਸੂਬੇ ਭਰ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਤਾਇਨਾਤ ਪੰਜ ਵੈਟਰਨਰੀ ਅਫ਼ਸਰਾਂ ਡਾ. ਗੁਰਪ੍ਰੀਤ ਸਿੰਘ, ਡਾ. ਅਨੁਪ੍ਰੀਤ ਕੌਰ, ਡਾ. ਅਰਸ਼ਦੀਪ ਸਿੰਘ, ਡਾ. ਜਗਦੀਪ ਸਿੰਘ ਅਤੇ ਡਾ. ਹਰਮਨਪ੍ਰੀਤ ਸਿੰਘ ਬੱਲ ਨੂੰ ਨੌਕਰੀ ਤੋਂ ਬਰਖ਼ਾਸਤ ਕਰਨ ਦੇ ਹੁਕਮ ਜਾਰੀ ਕੀਤੇ ਹਨ। ਭੰਡਾਰੀ ਨੇ ਦੱਸਿਆ ਕਿ ਇਹ ਵੈਟਰਨਰੀ ਅਫ਼ਸਰ ਪਿਛਲੇ ਤਿੰਨ ਤੋਂ ਪੰਜ ਸਾਲਾਂ ਤੋਂ ਡਿਊਟੀ ਤੋਂ ਗੈਰ-ਹਾਜ਼ਰ ਚੱਲ ਰਹੇ ਸਨ।

ਗੁਰਮੀਤ ਸਿੰਘ ਖੁੱਡੀਆਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਬਿਨਾਂ ਛੁੱਟੀ ਪ੍ਰਵਾਨ ਕਰਵਾਏ ਡਿਊਟੀ ਤੋਂ ਗੈਰ-ਹਾਜ਼ਰ ਰਹਿਣ ਵਾਲੇ ਅਧਿਕਾਰੀਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਅਜਿਹੀ ਲਾਪਰਵਾਹੀ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

# ਹੁਣ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨਗੇ ਰੋਬੋਟਿਕ ਕੁੱਤੇ, ਪਹਾੜਾਂ 'ਤੇ ਅਤੇ ਪਾਣੀ ਵਿਚ ਵੀ ਕਰਨਗੇ ਕੰਮ



ਜੈਸਲਮੇਰ, 21 ਨਵੰਬਰ (ਪੋਸਟ ਬਿਊਰੋ): ਹੁਣ ਦੇਸ਼ ਦੀਆਂ ਸਰਹੱਦਾਂ 'ਤੇ ਫੌਜੀਆਂ ਨਾਲ ਰੋਬੋਟਿਕ ਮਲਟੀ-ਯੂਟੀਲਿਟੀ ਲੈਗਡ ਇਕੁਇਪਮੈਂਟ ਮਤਲਬ ਰੋਬੋਟਿਕ ਕੁੱਤੇ ਵੀ ਤਾਇਨਾਤ ਕੀਤੇ ਜਾਣਗੇ।

ਇਹ ਰੋਬੋਟਿਕ ਕੁੱਤੇ ਕਿਸੇ ਵੀ ਉੱਚੇ ਪਹਾੜ ਤੋਂ ਲੈ ਕੇ ਪਾਣੀ ਦੀ ਡੂੰਘਾਈ ਤੱਕ ਕੰਮ ਕਰਨ ਦੇ ਸਮਰੱਥ ਹਨ। ਇਨ੍ਹਾਂ ਨੂੰ 10 ਕਿਲੋਮੀਟਰ ਦੂਰ ਬੈਠ ਕੇ ਵੀ ਚਲਾਇਆ ਜਾ ਸਕਦਾ ਹੈ।

ਇੱਕ ਘੰਟੇ ਲਈ ਚਾਰਜ ਕਰਨ ਤੋਂ ਬਾਅਦ, ਉਹ ਲਗਾਤਾਰ 10 ਘੰਟੇ ਕੰਮ ਕਰ ਸਕਦੇ ਹਨ। ਰੋਬੋਟਿਕ ਕੁੱਤੇ ਨੇ ਜੈਸਲਮੇਰ ਦੇ ਪੋਖਰਨ ਫਾਇਰਿੰਗ ਰੇਂਜ 'ਤੇ 14 ਤੋਂ 21 ਨਵੰਬਰ ਤੱਕ ਭਾਰਤੀ ਫੌਜ ਦੇ ਬੈਟਲ ਐਕਸ ਡਿਵੀਜ਼ਨ ਨਾਲ ਅਭਿਆਸ ਕੀਤਾ। ਫੌਜ ਨੇ ਇਸ ਕੁੱਤੇ ਨਾਲ ਦੁਸ਼ਮਣ ਨੂੰ ਲੱਭਣ ਅਤੇ ਖਤਮ ਕਰਨ ਦਾ ਅਭਿਆਸ ਕੀਤਾ ਹੈ। ਇਸ ਤੋਂ ਇਲਾਵਾ ਉੱਚਾਈ ਵਾਲੇ ਖੇਤਰਾਂ ਵਿੱਚ ਸਹਾਇਤਾ ਅਤੇ ਆਵਾਜਾਈ ਨੂੰ ਬਿਹਤਰ ਬਣਾਉਣ ਲਈ ਲੌਜਿਸਟਿਕ ਡਰੋਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਹਾਲ ਹੀ ਵਿੱਚ ਭਾਰਤੀ ਫੌਜ ਨੇ ਸਰਹੱਦੀ ਖੇਤਰਾਂ ਵਰਤੋਂ ਲਈ 100 ਰੋਬੋਟਿਕ ਕੁੱਤਿਆਂ ਨੂੰ ਸ਼ਾਮਿਲ ਕੀਤਾ ਹੈ।

ਰੋਬੋਟਿਕ ਕੁੱਤੇ ਥਰਮਲ ਕੈਮਰੇ ਅਤੇ ਰਾਡਾਰ ਨਾਲ ਲੈਸ ਹਨ। ਇਨ੍ਹਾਂ ਦੀ ਸਭ ਤੋਂ ਵੱਡੀ ਖਾਸੀਅਤ ਇਸਦਾ ਡਿਜ਼ਾਈਨ ਹੈ। ਇਹ ਇਸਨੂੰ ਹਰ ਰੁਕਾਵਟ ਜਿਵੇਂ ਕਿ ਬਰਫ਼, ਮਾਰੂਥਲ, ਕੱਚੀ ਜ਼ਮੀਨ, ਉੱਚੀਆਂ ਪੌੜੀਆਂ ਅਤੇ ਇੱਥੋਂ ਤੱਕ ਕਿ ਪਹਾੜੀ ਖੇਤਰਾਂ ਨੂੰ ਪਾਰ ਕਰਨ ਦੇ ਯੋਗ ਬਣਾਉਂਦਾ ਹੈ। ਰੋਬੋਟਿਕ ਕੁੱਤਾ ਸੈਨਿਕਾਂ ਨੂੰ ਕਿਸੇ ਵੀ ਨੁਕਸਾਨ ਤੋਂ ਬਚਾਉਣ ਦੇ ਨਾਲ-ਨਾਲ ਦੁਸ਼ਮਣ ਦੇ ਨਿਸ਼ਾਨੇ 'ਤੇ ਗੋਲੀਬਾਰੀ ਕਰਨ ਦੇ ਵੀ ਸਮਰੱਥ ਹੈ।

# ਡਾ. ਰਵਜੋਤ ਸਿੰਘ ਨੇ ਸਫਾਈ ਸੇਵਕਾਂ ਅਤੇ ਸੀਵਰਮੈਨ ਯੂਨੀਅਨ ਨਾਲ ਕੀਤੀ ਮੀਟਿੰਗ

ਚੰਡੀਗੜ੍ਹ, 21 ਨਵੰਬਰ (ਪੋਸਟ ਬਿਊਰੋ): ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ.ਰਵਜੋਤ ਸਿੰਘ ਨੇ ਅੱਜ ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟਰ ਗੁਰਪ੍ਰੀਤ ਸਿੰਘ ਖਹਿਰਾ ਦੀ ਹਾਜ਼ਰੀ ਵਿੱਚ ਮਿਉਂਸਪਲ ਭਵਨ ਵਿਖੇ ਸਫਾਈ ਸੇਵਕ ਅਤੇ ਸੀਵਰਮੈਨ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਮੰਤਰੀ ਨੇ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਹੱਲ ਕੀਤਾ ਜਾਵੇਗਾ।

ਡਾ: ਰਵਜੋਤ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਸਮੇਤ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਫਾਈ ਸੇਵਕਾਂ ਅਤੇ ਸੀਵਰਮੈਨਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਮੀਟਿੰਗ ਸਦਭਾਵਨਾ ਅਤੇ ਸਕਾਰਾਤਮਕ ਮਾਹੌਲ ਵਿੱਚ ਹੋਈ। ਗੱਲਬਾਤ ਦੌਰਾਨ ਮੰਤਰੀ ਨੇ ਸਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਵਿਭਾਗ ਦੀ ਰੀੜ੍ਹ ਦੀ ਹੱਡੀ ਦੱਸਿਆ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪੰਜਾਬ ਦੇ ਸ਼ਹਿਰਾਂ ਨੂੰ ਕੂੜਾ-ਮੁਕਤ ਬਣਾਉਣ ਦੇ ਸੰਕਲਪ ਨੂੰ ਦੁਹਰਾਇਆ ਅਤੇ ਇਸ ਟੀਚੇ ਦੀ ਪ੍ਰਾਪਤੀ ਲਈ ਸਫਾਈ ਸੇਵਕਾਂ ਅਤੇ ਸੀਵਰਮੈਨਾਂ ਵੱਲੋਂ ਪਾਏ ਜਾਂਦੇ ਯੋਗਦਾਨ ਦੀ ਸ਼ਲਾਘਾ ਕੀਤੀ।



ਯੂਨੀਅਨ ਦੀਆਂ ਮੰਗਾਂ ਸੁਣਨ ਤੋਂ ਬਾਅਦ ਮੰਤਰੀ ਡਾ ਰਵਜੋਤ ਸਿੰਘ ਨੇ ਭਰੋਸਾ ਦਿੱਤਾ ਕਿ ਕਮੇਟੀ/ਕਾਰਪੋਰੇਸ਼ਨ ਜਾਂ ਵਿਭਾਗ ਪੱਧਰ 'ਤੇ ਹੱਲ ਕੀਤੇ ਜਾ ਸਕਣ ਵਾਲੇ ਸਾਰੇ ਜਾਇਜ਼ ਮੁੱਦਿਆਂ ਨੂੰ ਜਲਦੀ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿਹੜੀਆਂ ਮੰਗਾਂ ਸੂਬਾ ਸਰਕਾਰ ਜਾਂ ਹੋਰ ਵਿਭਾਗਾਂ ਨਾਲ ਸਬੰਧਿਤ ਹਨ, ਉਨ੍ਹਾਂ ਦੇ ਹੱਲ ਲਈ ਵੀ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664










**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**






# ਮੁੱਖ ਮੰਤਰੀ ਵੱਲੋਂ ਸੂਬੇ ਦੇ ਵਿਕਾਸ ਅਤੇ ਕਲਿਆਣਕਾਰੀ ਕਾਰਜਾਂ ਲਈ ਮਹਾਨ ਗੁਰੂਆਂ, ਸੰਤਾਂ-ਮਹਾਂਪੁਰਸ਼ਾਂ ਪੀਰਾਂ-ਪੈਗੰਬਰਾਂ ਅਤੇ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਦਾ ਸੱਦਾ

## *ਲੋਕਾਂ ਨੂੰ ਸਮਾਜ ਵਿੱਚ ਧਰਮ ਨਿਰਪੱਖ, ਸਮਾਜਿਕ ਅਤੇ ਫਿਰਕੂ ਸਦਭਾਵਨਾ ਨੂੰ ਮਜ਼ਬੂਤ ਕਰਨ ਦਾ ਸੱਦਾ

ਮੁਬਾਰਿਕਪੁਰ (ਐਸ.ਏ.ਐਸ. ਨਗਰ, ਮੁਹਾਲੀ), 21 ਨਵੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਸੂਬੇ ਦੇ ਵਿਕਾਸ ਲਈ ਮਹਾਨ ਗੁਰੂਆਂ, ਸੰਤਾਂ-ਮਹਾਂਪੁਰਸ਼ਾਂ, ਪੀਰਾਂ-ਪੈਗੰਬਰਾਂ ਅਤੇ ਸ਼ਹੀਦਾਂ ਦੇ ਨਕਸ਼ੇ-ਕਦਮਾਂ 'ਤੇ ਚੱਲ ਰਹੀ ਹੈ।

ਅੱਜ ਇੱਥੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਮੌਜੂਦਗੀ ਵਿੱਚ ਜੈਨ ਭਗਵਤੀ ਦੀਕਸ਼ਾ ਮਹਾਉਤਸਵ ਦੇ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਮੁਖੀ ਹੋਣ ਦੇ ਨਾਤੇ ਸਾਰੇ ਵਸਨੀਕਾਂ ਦੇ ਹਿੱਤਾਂ ਦੀ ਰਾਖੀ ਕਰਨ ਉਨ੍ਹਾਂ ਦਾ ਫਰਜ਼ ਬਣਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਉਹ ਮਹਾਨ ਅਤੇ ਪਵਿੱਤਰ ਧਰਤੀ ਹੈ, ਜਿੱਥੇ ਵੱਖ-ਵੱਖ ਧਰਮਾਂ, ਭਾਸ਼ਾਵਾਂ ਅਤੇ ਸਮਾਜ ਦੇ ਸਮੂਹ ਵਰਗਾਂ ਦੇ ਲੋਕ ਸ਼ਾਂਤੀ ਅਤੇ ਸਦਭਾਵਨਾ ਨਾਲ ਰਹਿੰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਧਰਤੀ ਦੀ ਸੇਵਾ ਕਰਨ ਲਈ ਲੋਕਾਂ ਵੱਲੋਂ ਵੱਡਾ ਫਤਵਾ ਦਿੱਤਾ ਗਿਆ ਹੈ ਅਤੇ ਇਸ ਨੇਕ ਕਾਰਜ ਲਈ ਉਨ੍ਹਾਂ ਵੱਲੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ, "ਫੁੱਲਾਂ ਦੀਆਂ ਵੱਖ-ਵੱਖ ਵੰਨਗੀਆਂ ਹਰ ਕਿਸੇ ਦੀਆਂ ਅੱਖਾਂ ਨੂੰ ਸਕੂਨ ਦਿੰਦੀਆਂ ਹਨ, ਏਸੇ ਲਈ ਲੋਕ ਇਨ੍ਹਾਂ ਨੂੰ ਦੇਖਣ ਲਈ ਤਤਪਰ ਹੁੰਦੇ ਹਨ। ਇਸੇ ਤਰ੍ਹਾਂ ਹਰੇਕ ਸਮਾਜ ਵਿੱਚ ਹਰ ਧਰਮ ਦੀ ਸਦਭਾਵਨਾ ਅਤੇ ਸ਼ਾਂਤੀਪੂਰਨ ਸਹਿ-ਹੋਂਦ ਮੁਲਕ ਦੀ ਤਰੱਕੀ ਲਈ ਮਹੱਤਵਪੂਰਨ ਹੈ।" ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ





ਦੀ ਸਰਕਾਰ ਇਸ ਨੇਕ ਕਾਰਜ ਲਈ ਵਚਨਬੱਧ ਹੈ ਅਤੇ ਸੂਬੇ ਵਿੱਚ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਧਰਮ ਸਾਨੂੰ ਸਾਦਾ ਜੀਵਨ, ਉੱਚੀ ਸੋਚ ਅਤੇ ਅਹਿੰਸਾ ਦੇ ਸਿਧਾਂਤ ਨੂੰ ਅਧਿਆਤਮਿਕਤਾ ਦੇ ਮਾਰਗ ਰਾਹੀਂ ਮੁਕਤੀ ਪ੍ਰਾਪਤ ਕਰਨ ਦਾ ਉਪਦੇਸ਼ ਦਿੰਦਾ ਹੈ। ਉਨ੍ਹਾਂ ਕਿਹਾ ਕਿ ਹਰ ਧਰਮ ਦਾ ਸਦੀਵੀ ਸੰਦੇਸ਼ ਵਿਸ਼ਵ-ਵਿਆਪੀ ਭਾਈਚਾਰਾ, ਭਾਈਚਾਰਕ ਸਾਂਝ ਅਤੇ ਅਮਨ-ਸ਼ਾਂਤੀ ਹੈ ਜੋ ਮੌਜੂਦਾ ਭੌਤਿਕਵਾਦੀ ਸਮਾਜ ਦੇ ਸੰਦਰਭ ਵਿੱਚ ਅੱਜ ਵੀ ਪ੍ਰਸੰਗਿਕ ਹੈ। ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਸਮਾਜ ਵਿੱਚ ਧਰਮ ਨਿਰਪੱਖ, ਸਮਾਜਿਕ ਅਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਨ ਲਈ ਮਹਾਨ ਧਾਰਮਿਕ ਆਗੂਆਂ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਸਾਡੇ ਮਹਾਨ ਗੁਰੂਆਂ, ਸੰਤਾਂ ਅਤੇ ਪੀਰਾਂ ਨਾਲ ਸਬੰਧਤ ਅਜਿਹੇ ਸਮਾਗਮ ਸਾਡੇ ਲਈ ਬਹੁਤ ਮਹੱਤਵ ਰੱਖਦੇ ਹਨ ਕਿਉਂਕਿ ਇਹ ਆਪਣੇ ਆਪ ਨੂੰ ਅਤੇ ਸਾਡੀ ਨੌਜਵਾਨ ਪੀੜ੍ਹੀ ਨੂੰ ਸਾਡੀਆਂ ਧਾਰਮਿਕ ਅਤੇ ਸਮਾਜਿਕ ਕਦਰਾਂ-ਕੀਮਤਾਂ ਤੋਂ ਜਾਣੂ ਕਰਵਾਉਣ ਦਾ ਮੌਕਾ ਪ੍ਰਦਾਨ ਕਰਦੇ ਹਨ ਜੋ ਸਮੁੱਚੀ ਮਾਨਵਤਾ ਨੂੰ ਇਕ ਮਾਲਾ ਵਿੱਚ ਪਰੋ ਕੇ ਰੱਖਦੀਆਂ ਹਨ। ਉਨ੍ਹਾਂ ਨੇ ਲੋਕਾਂ ਨੂੰ ਇਨ੍ਹਾਂ ਅਧਿਆਤਮਕ ਅਤੇ ਧਾਰਮਿਕ ਆਗੂਆਂ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੰਦਿਆਂ ਕਿਹਾ ਕਿ 'ਆਪ' ਸਰਕਾਰ ਸੂਬੇ 'ਚ ਸ਼ਾਂਤੀ, ਏਕਤਾ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਸਮਾਜ ਦੀ ਭਲਾਈ ਅਤੇ ਸੂਬੇ ਦੀ ਤਰੱਕੀ ਲਈ ਪੂਰੀ ਤਰ੍ਹਾਂ ਸਮਰਪਿਤ ਹੈ।

ਜੈਨ ਭਾਈਚਾਰੇ ਨਾਲ ਆਪਣੀ ਪੁਰਾਣੀ ਸਾਂਝ ਨੂੰ ਚੇਤੇ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਹਮੇਸ਼ਾ ਜੈਨ ਭਾਈਚਾਰੇ ਦੇ ਸੰਤਾਂ ਦੇ ਆਸ਼ੀਰਵਾਦ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਨੇ ਇਸ ਖੇਤਰ ਵਿੱਚ ਅਤਿ ਆਧੁਨਿਕ ਹਸਪਤਾਲ ਸਥਾਪਤ ਕਰਨ ਲਈ ਭਾਈਚਾਰੇ ਨੂੰ ਪੂਰਨ ਸਹਿਯੋਗ ਦੇਣ ਦਾ ਐਲਾਨ ਵੀ ਕੀਤਾ। ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਪੂਰੇ ਉੱਤਰੀ ਖਿੱਤੇ ਦੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਮੋਹਰੀ ਭੂਮਿਕਾ ਨਿਭਾਏਗਾ।

# ਮੁੰਡੀਆਂ ਤੇ ਸੌਂਦ ਵੱਲੋਂ ਨਿਵੇਸ਼ਕਾਂ ਲਈ ਸੁਖਾਵਾਂ ਤੇ ਸਾਜ਼ਗਾਰ ਮਾਹੌਲ ਬਣਾਉਣ ਦੇ ਨਿਰਦੇਸ਼

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ), 21 ਨਵੰਬਰ (ਪੋਸਟ ਬਿਊਰੋ): ਪੰਜਾਬ ਵਿੱਚ ਨਿਵੇਸ਼ ਪੱਖੀ ਮਾਹੌਲ ਸਿਰਜਣ ਦੀ ਦਿਸ਼ਾ ਵਿੱਚ ਕੀਤੇ ਜਾ ਰਹੇ ਕਦਮਾਂ ਤਹਿਤ ਅੱਜ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆ ਅਤੇ ਉਦਯੋਗ ਤੇ ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਦੋਵਾਂ ਵਿਭਾਗਾਂ ਨਾਲ ਆਪਸ ਵਿੱਚ ਜੁੜੇ ਮਾਮਲਿਆਂ ਨੂੰ ਤੇਜ਼ੀ ਨਾਲ ਨਿਪਟਾਉਣ ਲਈ ਅਹਿਮ ਮੀਟਿੰਗ ਕੀਤੀ ਗਈ।

ਪੁੱਡਾ ਭਵਨ ਮੁਹਾਲੀ ਵਿਖੇ ਹੋਈ ਮੀਟਿੰਗ ਵਿੱਚ ਸ਼ਹਿਰੀ ਵਿਕਾਸ ਮੰਤਰੀ ਤੇ ਉਦਯੋਗ ਮੰਤਰੀ ਨੇ ਅਧਿਕਾਰੀਆਂ ਨੂੰ ਨਿਵੇਸ਼ਕਾਂ ਲਈ ਸੁਖਾਵਾਂ ਤੇ ਸਾਜ਼ਗਾਰ ਮਾਹੌਲ ਬਣਾਉਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸਨਅਤਕਾਰਾਂ ਤੇ ਨਿਵੇਸ਼ਕਾਂ ਲਈ ਵੱਡੇ ਫੈਸਲੇ ਕੀਤੇ ਗਏ ਹਨ ਜਿਨ੍ਹਾਂ ਨੂੰ ਲਾਗੂ ਕਰਨ ਲਈ ਸਬੰਧਤ ਵਿਭਾਗਾਂ ਦਾ ਆਪਸੀ ਤਾਲਮੇਲ ਬਹੁਤ ਜ਼ਰੂਰੀ ਹੈ।

# ਘਰੇਲੂ ਹਿੰਸਾ ਅਤੇ ਸਰੀਰਕ ਸ਼ੋਸ਼ਣ ਰੋਕੂ ਐਕਟ 2013 ਬਾਰੇ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ



ਸਾਹਿਬਜ਼ਾਦਾ ਅਜੀਤ ਸਿੰਘ ਨਗਰ/ਚੰਡੀਗੜ੍ਹ, 21 ਨਵੰਬਰ (ਪਪੋਸਟ ਬਿਊਰੋ): ਪੰਜਾਬ ਰਾਜ ਮਹਿਲਾ ਕਮਿਸ਼ਨ ਵੱਲੋਂ ਅੱਜ ਵਿਦਿਆਰਥਣਾਂ ਨੂੰ ਘਰੇਲੂ ਹਿੰਸਾ ਰੋਕੂ ਐਕਟ 2005 ਅਤੇ ਕੰਮਕਾਜ਼ੀ ਸਥਾਨ ਤੇ ਸਰੀਰਕ ਸ਼ੋਸ਼ਣ ਰੋਕੂ ਐਕਟ 2013 ਬਾਰੇ ਜਾਗਰੂਕ ਕੀਤਾ ਗਿਆ।

ਅੱਜ ਇੱਥੇ ਰਤਨ ਕਾਲਜ਼ ਆਫ ਨਰਸਿੰਗ ਮੋਹਾਲੀ ਵਿਖੇ ਹੋਏ ਇਸ ਸਮਾਗਮ ਦੌਰਾਨ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ, ਨੇ ਵਿਦਿਆਰਥਣਾ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਸਾਨੂੰ ਸਭ ਨੂੰ ਆਪਣੇ ਅਧਿਕਾਰਾਂ ਬਾਰੇ ਜਾਗਰੂਕ ਹੋਣ ਦੀ ਲੋੜ ਹੈ ਜਿਸ ਨਾਲ ਅਸੀਂ ਬਹੁਤ ਸਾਰੀਆਂ ਦੁਸ਼ਵਾਰੀਆਂ ਤੋਂ ਬਚ ਜਾਂਦੇ ਹਾਂ।

ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੇ ਔਰਤਾਂ ਦੇ ਹੱਕਾਂ ਦੀ ਰਖਵਾਲੀ ਕਰਨ ਲਈ ਘਰੇਲੂ ਹਿੰਸਾ ਕਾਨੂੰਨ, 2005 ਅਤੇ ਕੰਮਕਾਜ ਦੇ ਸਥਾਨਾਂ 'ਤੇ ਔਰਤਾਂ ਦੀ ਸਰੀਰਕ ਸ਼ੋਸਣ ਰੋਕਥਾਮ ਕਾਨੂੰਨ, 2013 ਦੇਸ਼ ਭਰ ਵਿਚ ਲਾਗੂ ਕੀਤਾ ਹੈ ਜੋ ਕਿ ਔਰਤਾਂ ਨੂੰ ਸ਼ਸ਼ਕਤ ਕਰਨ ਵਿਚ ਮੱਦਦਗਾਰ ਸਾਬਿਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਔਰਤਾਂ ਸਭ ਤੋਂ ਜ਼ਿਆਦਾ ਘਰੇਲੂ ਹਿੰਸਾ ਤੋਂ ਪੀੜਤ ਹਨ। ਉਨ੍ਹਾਂ ਨੇ ਔਰਤਾਂ ਨੂੰ ਆਪਣੇ ਅਧਿਕਾਰਾਂ ਦੀ ਰੱਖਿਆ ਕਰਨ ਲਈ ਕਾਨੂੰਨੀ ਮਦਦ ਅਤੇ ਰਾਹਾਂ ਬਾਰੇ ਜਾਣੂ ਕੀਤਾ।

ਲਾਲੀ ਗਿੱਲ ਨੇ ਕਿਹਾ ਕਿ ਰਾਜ ਸਰਕਾਰ ਨੇ ਘਰੇਲੂ ਹਿੰਸਾ ਤੋਂ ਪੀੜਤ ਔਰਤਾਂ ਦੀ ਮਦਦ ਲਈ ਸੂਬੇ ਵਿਚ ਸਖੀ ਵਨ ਸਟਾਪ ਸੈਂਟਰ ਖੋਲ੍ਹੇ ਗਏ ਹਨ ਜਿਥੇ ਘਰੇਲੂ ਹਿੰਸਾ ਤੋਂ ਪੀੜਤ ਔਰਤਾਂ ਨੂੰ ਕਾਨੂੰਨੀ ਸਹਾਇਤਾਂ ਮੁਹੱਈਆਂ ਕਰਵਾਈ ਜਾਂਦੀ ਹੈ।

# ਪੰਜਾਬ ਰਾਜ ਸਹਿਕਾਰੀ ਬੈਂਕ ਦੀ ਮਹਿਲਾ ਸਸ਼ਕਤੀਕਰਨ ਵੱਲ ਨਿਵੇਕਲੀ ਪੁਲਾਂਘ

## ਔਰਤਾਂ ਲਈ ਡਿਜ਼ੀਟਲ ਤੌਰ ਸਮਰੱਥ ਬਣਾਉਣ ਅਤੇ ਆਰਥਿਕ ਸਸ਼ਕਤੀਕਰਨ ਲਈ ਪਟਿਆਲਾ ਫਾਊਂਡੇਸ਼ਨ ਨਾਲ ਕੀਤਾ ਸਮਝੌਤਾ

ਚੰਡੀਗੜ੍ਹ, 21 ਨਵੰਬਰ (ਪੋਸਟ ਬਿਊਰੋ): ਔਰਤਾਂ ਦੇ ਸਸ਼ਕਤੀਕਰਨ ਵੱਲ ਅੱਗੇ ਵਧਦੇ ਹੋਏ, ਪਟਿਆਲਾ ਫਾਊਂਡੇਸ਼ਨ, ਓਐਮਈਡੀ ਈ.ਵੀ. ਜਰਮਨੀ, ਅਤੇ ਪੰਜਾਬ ਰਾਜ ਸਹਿਕਾਰੀ ਬੈਂਕ ਲਿਮਟਿਡ ਨੇ ਇੱਕ ਮਹੱਤਵਪੂਰਨ ਇਕਰਾਰ ਕੀਤਾ ਹੈ ਤਾਂ ਜੋ ਔਰਤਾਂ ਨੂੰ ਡਿਜੀਟਲ ਤੌਰ ਉੱਤੇ ਸਮਰੱਥ ਬਣਾਉਣ ਅਤੇ ਆਰਥਿਕ ਸਸ਼ਕਤੀਕਰਨ ਨੂੰ ਹੋਰ ਅੱਗੇ ਵਧਾਇਆ ਜਾ ਸਕੇ।

ਇਸ ਸਮਾਗਮ ਦੌਰਾਨ ਪੰਜਾਬ ਰਾਜ ਸਹਿਕਾਰੀ ਬੈਂਕ ਲਿਮਟਿਡ ਦੇ ਚੇਅਰਮੈਨ ਜਗਦੇਵ ਸਿੰਘ ਬਾਮ ਅਤੇ ਪੰਜਾਬ ਰਾਜ ਸਹਿਕਾਰੀ ਬੈਂਕ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀਮਤੀ ਅਨਿੰਦਿਤਾ ਮਿੱਤਰਾ ਦੇ ਨਾਲ ਸੀ.ਈ.ਓ., ਓ.ਐਮ.ਈ.ਡੀ. ਈ.ਵੀ. ਜਰਮਨੀ ਦੇ ਡਾਕਟਰ ਜੇਂਸ ਐਚ ਫਿਸ਼ਰ ਅਤੇ ਪਟਿਆਲਾ ਫਾਊਂਡੇਸ਼ਨ ਦੇ ਸੀ.ਈ.ਓ. ਰਵੀ ਸਿੰਘ ਆਹਲੂਵਾਲੀਆ ਹਾਜ਼ਰ ਸਨ।

ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦੇ ਹੋਏ ਅਨਿੰਦਿਤਾ ਮਿੱਤਰਾ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਸਵੈ-ਸਹਾਇਤਾ ਸਮੂਹਾਂ (ਐਸ.ਐਚ.ਜੀ.) ਨੂੰ ਔਜ਼ਾਰ, ਹੁਨਰ ਪ੍ਰਦਾਨ ਕਰਨਾ ਅਤੇ ਸੁਰੱਖਿਅਤ ਡਿਜੀਟਲ ਪਲੇਟਫਾਰਮ ਉਪਲਬਧ ਕਰਾਉਣਾ ਹੈ ਤਾਂ ਜੋ ਉਹਨਾਂ ਨੂੰ ਉਹਨਾਂ ਦੇ ਉਤਪਾਦਾਂ ਦੀ ਮਾਰਕੀਟਿੰਗ , ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨ ਅਤੇ ਚੁਣੌਤੀਆਂ ਨੂੰ ਆਪਸੀ ਸਹਿਯੋਗ ਨਾਲ ਨਜਿੱਠਣ ਵਿੱਚ ਮਦਦ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਡਿਜੀਟਲ ਸਾਧਨਾਂ ਅਤੇ ਰਣਨੀਤੀਆਂ ਦਾ ਲਾਭ ਉਠਾਉਂਦੇ ਹੋਏ ਪ੍ਰੋਜੈਕਟ ਦਾ ਉਦੇਸ਼ ਡਿਜੀਟਲ ਵੰਡ ਨੂੰ ਪੂਰਾ ਕਰਦਿਆਂ ਸਵੈ-ਸਹਾਇਤਾ ਸਮੂਹਾਂ ਨੂੰ ਵਿਸ਼ਾਲ ਬਾਜ਼ਾਰਾਂ ਤੱਕ ਪਹੁੰਚਣ ਅਤੇ ਉਹਨਾਂ ਦੀ ਉਪਜੀਵਕਾ ਨੂੰ ਬਿਹਤਰ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਇਸ



ਪ੍ਰੋਜੈਕਟ ਤਹਿਤ ਐਸ.ਐਚ.ਜੀ. ਮੈਂਬਰਾਂ ਨੂੰ ਸੰਚਾਰ, ਸਹਿਯੋਗ ਅਤੇ ਸਰੋਤ ਸਾਂਝੇ ਕਰਨ ਲਈ ਸੁਰੱਖਿਅਤ, ਪਾਸਵਰਡ-ਸੁਰੱਖਿਅਤ ਡਿਜੀਟਲ ਸਪੇਸ ਮੁਹੱਈਆ ਕਰਵਾਈ ਜਾਵੇਗੀ।

ਅਨਿੰਦਿਤਾ ਮਿੱਤਰਾ ਨੇ ਕਿਹਾ ਕਿ ਇਹ ਪਹਿਲਕਦਮੀ ਆਪਸੀ ਆਦਾਨ-ਪ੍ਰਦਾਨ ਦੀ ਪ੍ਰਣਾਲੀ ਨੂੰ ਉਤਸ਼ਾਹਿਤ ਕਰਦੀ ਹੈ, ਜਿੱਥੇ ਮੈਂਬਰ ਸਾਂਝੇ ਤੌਰ 'ਤੇ ਵਿਕਾਸ ਅਤੇ ਨਵੀਨਤਾ ਲਈ ਸੁਝਾਅ, ਰਣਨੀਤੀਆਂ ਅਤੇ ਸਰੋਤ ਸਾਂਝੇ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਪਲੇਟਫਾਰਮ ਮੈਂਬਰਾਂ ਨੂੰ ਆਪਣੇ ਮੁੱਦਿਆਂ ਨੂੰ ਉਠਾਉਣ ਅਤੇ ਧੋਖਾਧੜੀ ਵਾਲੀਆਂ ਗਤੀਵਿਧੀਆਂ ਨੂੰ ਉਜਾਗਰ ਕਰਨ ਦੀ ਇਜਾਜ਼ਤ ਦਿੰਦਾ ਹੈ, ਜਿਸ ਨਾਲ ਭਰੋਸੇ ਅਤੇ ਚੌਕਸੀ ਦਾ ਮਾਹੌਲ ਪੈਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਔਰਤਾਂ ਨੂੰ ਮਜ਼ਬੂਤ ਆਨਲਾਈਨ ਮੌਜੂਦਗੀ ਸਥਾਪਤ ਕਰਨ ਅਤੇ ਆਪਣੇ ਨੈਟਵਰਕ ਦਾ ਵਿਸਤਾਰ ਕਰਨ ਲਈ ਡਿਜੀਟਲ ਮਾਰਕੀਟਿੰਗ, ਉਤਪਾਦਾਂ ਦੀ ਪੇਸ਼ਕਾਰੀ ਅਤੇ ਲੋੜੀਂਦੀ ਸਮੱਗਰੀ ਜੁਟਾਉਣ ਵਿੱਚ ਸਿਖਲਾਈ ਦਿੱਤੀ ਜਾਵੇਗੀ।

ਅਨਿੰਦਿਤਾ ਮਿੱਤਰਾ ਨੇ ਕਿਹਾ ਕਿ ਐਸ.ਐਚ.ਜੀ. ਨੂੰ ਪ੍ਰੇਰਿਤ ਅਤੇ ਸਸ਼ਕਤ ਕਰਨ ਲਈ ਚਰਚਾਵਾਂ, ਵਿਚਾਰਾਂ ਦੇ ਆਦਾਨ-ਪ੍ਰਦਾਨ ਅਤੇ ਸਫਲਤਾ ਦੀਆਂ ਕਹਾਣੀਆਂ ਦਾ ਪ੍ਰਦਰਸ਼ਨ ਕੀਤਾ ਜਾਵੇਗਾ ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਦੇ ਸ਼ੁਰੂ ਵਿੱਚ 10 ਐਸ.ਐਚ.ਜੀ. ਵਿੱਚ ਸੈਂਕੜੇ ਔਰਤਾਂ ਨੂੰ ਪ੍ਰਭਾਵਿਤ ਕਰਨ ਦੀ ਉਮੀਦ ਹੈ ਅਤੇ ਭਵਿੱਖ ਵਿੱਚ ਹੋਰ ਸਮੂਹਾਂ ਨੂੰ ਸਕੇਲ ਕਰਨ ਅਤੇ ਸ਼ਾਮਲ ਕਰਨ ਦੀ ਯੋਜਨਾ ਹੈ। ਉਨ੍ਹਾਂ ਕਿਹਾ ਕਿ ਸਹਿਯੋਗ ਤੇ ਸਹਾਇਤਾ ਦੇ ਨਾਲ ਡਿਜੀਟਲ ਸਾਖਰਤਾ ਨੂੰ ਜੋੜ ਕੇ, ਇਸ ਦਾ ਉਦੇਸ਼ ਪੂਰੇ ਖੇਤਰ ਅਤੇ ਇਸ ਤੋਂ ਬਾਹਰ ਨਿਰੰਤਰ ਤੇ ਸਾਰਥਕ ਵਿਕਾਸ ਅਤੇ ਮਹਿਲਾ ਸਸ਼ਕਤੀਕਰਨ ਲਈ ਇੱਕ ਪ੍ਰਤੀਰੂਪ ਮਾਡਲ ਬਣਾਉਣਾ ਹੈ।

ਅਨਿੰਦਿਤਾ ਮਿਤਰਾ ਨੇ ਆਸ ਪ੍ਰਗਟਾਈ ਕਿ ਇਹ ਪ੍ਰੋਜੈਕਟ ਮਹਿਲਾ ਐਸ.ਐਚ.ਜੀ. ਨੂੰ ਅੱਗੇ ਵਧਣ, ਸੰਚਾਰ ਕਰਨ ਅਤੇ ਇੱਕ ਦੂਜੇ ਦੀ ਸਹਾਇਤਾ ਕਰਨ ਲਈ ਸੁਰੱਖਿਅਤ ਸਥਾਨ ਪ੍ਰਦਾਨ ਕਰਦਾ ਹੈ। ਉਨ੍ਹਾਂ ਨੇ ਅੱਗੇ ਕਿਹਾ ਕਿ ਉਨ੍ਹਾਂ ਨੂੰ ਸਹਿਯੋਗ ਅਤੇ ਡਿਜੀਟਲ ਖੇਤਰ ਨੂੰ ਸੁਚੱਜੇ ਢੰਗ ਨਾਲ ਫਰੋਲਣ-ਪਰਖਣ ਕਰਨ ਲਈ ਸਾਧਨ ਪ੍ਰਦਾਨ ਕਰਕੇ, ਅਸੀਂ ਉਹਨਾਂ ਨੂੰ ਉਹਨਾਂ ਦੇ ਆਰਥਿਕ ਭਵਿੱਖ ਦੀ ਜ਼ਿੰਮੇਵਾਰੀ ਸੰਭਾਲਣ ਦੇ ਯੋਗ ਬਣਾ ਰਹੇ ਹਾਂ।

ਇਸ ਦੌਰਾਨ ਪੰਜਾਬ ਰਾਜ ਸਹਿਕਾਰੀ ਬੈਂਕ ਲਿਮਟਿਡ ਦੇ ਚੇਅਰਮੈਨ ਜਗਦੇਵ ਸਿੰਘ ਬਾਮ ਨੇ ਇਸ ਪ੍ਰੋਜੈਕਟ ਲਈ ਕੀਤੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਜੈਕਟ ਸਮੇਂ ਦੀ ਲੋੜ ਹਨ ਅਤੇ ਸਾਨੂੰ ਅਜਿਹੀਆਂ ਪਹਿਲਕਦਮੀਆਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ ਜੋ ਔਰਤਾਂ ਨੂੰ ਸ਼ਕਤੀ ਪ੍ਰਦਾਨ ਕਰਨ। ਉਨ੍ਹਾਂ ਕਿਹਾ, "ਆਰਥਿਕ ਸੁਤੰਤਰਤਾ ਔਰਤਾਂ ਦੇ ਸਸ਼ਕਤੀਕਰਨ ਦਾ ਸਭ ਤੋਂ ਵਧੀਆ ਤਰੀਕਾ ਹੈ ਅਤੇ ਸਾਨੂੰ ਅਜਿਹੇ ਪ੍ਰੋਜੈਕਟਾਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ।"



23 ਨਵੰਬਰ ਨੂੰ 42ਵੇਂ ਜਨਮ ਦਿਨ 'ਤੇ ਵਿਸ਼ੇਸ਼

# ਪੁਲਿਸ ਅਕੈਡਮੀ 'ਚ ਹੋਈ ਸ਼ੱਕੀ ਮੌਤ, ਕਿਸੇ ਨੂੰ ਨਹੀਂ ਮਿਲੀ ਸਜ਼ਾ, ਕਦੋਂ ਮਿਲੇਗਾ ਮਨਮੁਕਤ 'ਮਾਨਵ' ਨੂੰ ਇਨਸਾਫ ?

**ਮਨਮੁਕਤ ਦੇ ਪਿਤਾ, ਸੀਨੀਅਰ ਸਾਹਿਤਕਾਰ ਅਤੇ ਸਿੱਖਿਆ ਸ਼ਾਸਤਰੀ ਡਾ. ਰਾਮਨਿਵਾਸ 'ਮਾਨਵ' ਨੇ ਬੜੇ ਦਿਲ ਨਾਲ ਦੱਸਿਆ ਕਿ ਮਨਮੁਕਤ ਦੀ ਮੌਤ ਦੀ ਸਾਜ਼ਿਸ਼ ਵਿਚ ਅਧਿਕਾਰੀਆਂ ਦੀ ਅਪਰਾਧਿਕ ਅਣਗਹਿਲੀ ਅਤੇ ਉਸ ਦੇ ਬੈਚਮੇਟ ਅਫਸਰਾਂ ਦੀ ਸ਼ਮੂਲੀਅਤ ਦੇ ਦਸਤਾਵੇਜ਼ੀ ਸਬੂਤ ਹੋਣ ਦੇ ਬਾਵਜੂਦ, ਉਸ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ ਗਈ। ਸਗੋਂ ਤੇਲੰਗਾਨਾ ਪੁਲਿਸ ਅਤੇ ਸੀ.ਬੀ.ਆਈ ਨੇ ਇਸ ਨੂੰ ਇੱਕ ਆਮ ਘਟਨਾ ਦੱਸ ਕੇ ਮਾਮਲੇ ਨੂੰ ਦਬਾ ਦਿੱਤਾ ਹੈ। ਤੇਲੰਗਾਨਾ ਪੁਲਿਸ ਅਤੇ ਸੀਬੀਆਈ ਦੀ ਪੂਰੀ ਕੋਸ਼ਿਸ਼ ਦੋਸ਼ੀਆਂ ਨੂੰ ਬਚਾਉਣ ਦੀ ਸੀ, ਸਜ਼ਾ ਦੇਣ ਦੀ ਨਹੀਂ। ਇੰਨਾ ਹੀ ਨਹੀਂ, ਸਾਰੀਆਂ ਸਰਕਾਰਾਂ ਨੇ ਮਨਮੁਕਤ ਨੂੰ ਸਿਖਿਆਰਥੀ ਕਹਿ ਕੇ ਇਸ ਤੋਂ ਪੱਲਾ ਝਾੜ ਲਿਆ, ਕਿਸੇ ਨੇ ਵੀ ਪਰਿਵਾਰ ਨੂੰ ਇਕ ਰੁਪਏ ਦੀ ਆਰਥਿਕ ਸਹਾਇਤਾ ਨਹੀਂ ਦਿੱਤੀ।**

-ਪ੍ਰਿਅੰਕਾ ਸੌਰਭ

*ਕਿਸਮਤ* ਦਾ ਕਿੰਨਾ ਮਾੜਾ ਕਾਨੂੰਨ ਹੈ ਕਿ ਇੱਥੇ ਵਿਸ਼ੇਸ਼ ਪ੍ਰਤਿਭਾਵਾਂ ਨੂੰ ਥੋੜੀ ਜਿਹੀ ਉਮਰ ਮਿਲਦੀ ਹੈ। ਆਦਿ ਸ਼ੰਕਰਾਚਾਰੀਆ ਤੋਂ ਲੈ ਕੇ ਸਵਾਮੀ ਵਿਵੇਕਾਨੰਦ, ਸਵਾਮੀ ਰਾਮਤੀਰਥ, ਸ੍ਰੀਨਿਵਾਸ ਰਾਮਾਨੁ-ਜਨ, ਭਾਰਤੇਂਦੂ ਹਰੀਸ਼ਚੰਦਰ ਅਤੇ ਰੰਗੇਯਾ ਰਾਘਵ ਤੱਕ, ਉਨ੍ਹਾਂ ਮਹਾਨ ਪੁਰਸ਼ਾਂ ਦੀ ਇੱਕ ਲੰਮੀ ਸੂਚੀ ਹੈ ਜੋ ਆਪਣੀ ਚਮਕ ਫੈਲਾਉਣ ਤੋਂ ਬਾਅਦ ਛੋਟੀ ਉਮਰ ਵਿੱਚ ਇਸ ਸੰਸਾਰ ਨੂੰ ਛੱਡ ਗਏ। ਮਨਮੁਕਤ 'ਮਾਨਵ', ਭਾਰਤੀ ਪੁਲਿਸ ਸੇਵਾ ਦਾ ਇੱਕ ਨੌਜਵਾਨ ਅਫਸਰ, ਵੀ ਪ੍ਰਤਿਭਾ ਦਾ ਇੱਕ ਅਜਿਹਾ ਚਮਕਦਾ ਬੰਡਲ ਸੀ, ਜਿਸ ਨੂੰ ਸਮੇਂ ਨੇ ਅਚਨਚੇਤ ਦਾਅਵਾ ਕੀਤਾ ਸੀ। 28 ਅਗਸਤ, 2014 ਨੂੰ, ਮਨਮੁਕਤ, ਇੱਕ ਬਹੁਮੁਖੀ, ਬਹੁਤ ਹੀ ਪ੍ਰਤਿਭਾਸ਼ਾਲੀ ਅਤੇ ਪ੍ਰਭਾਵਸ਼ਾਲੀ ਪੁਲਿਸ ਅਧਿਕਾਰੀ, ਸਿਰਫ 30 ਸਾਲ ਅਤੇ 9 ਮਹੀਨਿਆਂ ਦੀ ਛੋਟੀ ਉਮਰ ਵਿੱਚ ਨੈਸ਼ਨਲ ਪੁਲਿਸ ਅਕੈਡਮੀ, ਹੈਦਰਾਬਾਦ (ਤੇਲੰਗਾਨਾ) ਦੇ ਸਵਿਮਿੰਗ ਪੂਲ ਵਿੱਚ ਡੁੱਬਣ ਨਾਲ ਸ਼ੱਕੀ ਹਾਲਾਤਾਂ ਵਿੱਚ ਮੌਤ ਹੋ ਗਈ। .

ਸਵਿਮਿੰਗ ਪੂਲ ਨੇੜੇ ਸਥਿਤ ਆਫੀਸਰਜ਼ ਕਲੱਬ 'ਚ ਵਿਦਾਇਗੀ ਪਾਰਟੀ ਤੋਂ ਬਾਅਦ ਅੱਧੀ ਰਾਤ ਨੂੰ ਜਦੋਂ ਮਨਮੁਕਤ ਦੀ ਲਾਸ਼ ਸਵੀਮਿੰਗ ਪੂਲ 'ਚ ਮਿਲੀ ਤਾਂ ਅਕੈਡਮੀ 'ਚ ਹੀ ਨਹੀਂ ਸਗੋਂ ਪੂਰੇ ਦੇਸ਼ 'ਚ ਹੜਕੰਪ ਮਚ ਗਿਆ ਕਿਉਂਕਿ 66 'ਚ ਅਜਿਹੀ ਪਹਿਲੀ ਘਟਨਾ ਵਾਪਰੀ ਸੀ। ਅਕੈਡਮੀ ਦੇ ਸਾਲ ਦੇ ਇਤਿਹਾਸ ਵਿੱਚ ਅਜਿਹਾ ਹੋਣ ਵਾਲਾ ਇਹ ਪਹਿਲਾ ਵੱਡਾ ਹਾਦਸਾ ਸੀ। ਇੱਥੇ ਇਹ ਵੀ ਦੱਸਣਾ ਜ਼ਰੂਰੀ ਹੈ ਕਿ ਅਜਿਹੇ ਦਿਲ ਦਹਿਲਾ ਦੇਣ ਵਾਲੇ ਅਤੇ ਮੰਦਭਾਗੇ ਦੁਖਾਂਤ ਤੋਂ ਬਾਅਦ ਵੀ ਇਸ ਮਾਮਲੇ ਦੀ ਨਾ ਤਾਂ ਸਹੀ ਜਾਂਚ ਹੋਈ ਅਤੇ ਨਾ ਹੀ ਕਿਸੇ ਅਧਿਕਾਰੀ ਜਾਂ ਕਰਮਚਾਰੀ ਨੂੰ ਜਵਾਬਦੇਹ ਠਹਿਰਾਇਆ ਗਿਆ ਅਤੇ ਨਾ ਹੀ ਉਸ ਵਿਰੁੱਧ ਕੋਈ ਸਜ਼ਾਯੋਗ ਕਾਰਵਾਈ ਕੀਤੀ ਗਈ। ਮਨਮੁਕਤ ਦੇ ਪਿਤਾ, ਸੀਨੀਅਰ ਸਾਹਿਤਕਾਰ ਅਤੇ ਸਿੱਖਿਆ ਸ਼ਾਸਤਰੀ ਡਾ. ਰਾਮਨਿਵਾਸ 'ਮਾਨਵ' ਨੇ ਬੜੇ ਦਿਲ ਨਾਲ ਦੱਸਿਆ ਕਿ ਮਨਮੁਕਤ ਦੀ ਮੌਤ ਦੀ ਸਾਜ਼ਿਸ਼ ਵਿਚ ਅਧਿਕਾਰੀਆਂ ਦੀ ਅਪਰਾਧਿਕ ਅਣਗਹਿਲੀ ਅਤੇ ਉਸ ਦੇ ਬੈਚਮੇਟ ਅਫਸਰਾਂ ਦੀ ਸ਼ਮੂਲੀਅਤ ਦੇ ਦਸਤਾਵੇਜ਼ੀ ਸਬੂਤ ਹੋਣ ਦੇ ਬਾਵਜੂਦ, ਉਸ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ ਗਈ। ਸਗੋਂ ਤੇਲੰਗਾਨਾ ਪੁਲਿਸ ਅਤੇ ਸੀ.ਬੀ.ਆਈ ਨੇ ਇਸ ਨੂੰ ਇੱਕ ਆਮ ਘਟਨਾ ਦੱਸ ਕੇ ਮਾਮਲੇ ਨੂੰ ਦਬਾ ਦਿੱਤਾ ਹੈ। ਤੇਲੰਗਾਨਾ ਪੁਲਿਸ ਅਤੇ ਸੀਬੀਆਈ ਦੀ ਪੂਰੀ ਕੋਸ਼ਿਸ਼ ਦੋਸ਼ੀਆਂ ਨੂੰ ਬਚਾਉਣ ਦੀ ਸੀ, ਸਜ਼ਾ ਦੇਣ ਦੀ ਨਹੀਂ। ਇੰਨਾ ਹੀ ਨਹੀਂ, ਸਾਰੀਆਂ ਸਰਕਾਰਾਂ ਨੇ ਮਨਮੁਕਤ ਨੂੰ ਸਿਖਿਆਰਥੀ ਕਹਿ ਕੇ ਇਸ ਤੋਂ ਪੱਲਾ ਝਾੜ ਲਿਆ, ਕਿਸੇ ਨੇ ਵੀ ਪਰਿਵਾਰ ਨੂੰ ਇਕ ਰੁਪਏ ਦੀ ਆਰਥਿਕ ਸਹਾਇਤਾ ਨਹੀਂ ਦਿੱਤੀ। ਪਿਛਲੇ ਇੱਕ ਦਹਾਕੇ ਤੋਂ ਆਪਣੇ ਪੁੱਤਰ ਦੇ ਕਾਤਲਾਂ ਨੂੰ ਸਜ਼ਾ ਦਿਵਾਉਣ ਲਈ ਲਗਾਤਾਰ ਸੰਘਰਸ਼ ਕਰ ਰਹੇ 70 ਸਾਲਾ ਡਾਕਟਰ ‘ਮਾਨਵ’ ਨਿਰਾਸ਼ਾ ਵਿੱਚ ਕਹਿੰਦੇ ਹਨ ਕਿ ਹੁਣ ਉਨ੍ਹਾਂ ਨੂੰ ਕੁਦਰਤੀ ਨਿਆਂ ਪ੍ਰਣਾਲੀ ਜਾਂ ਭਾਰਤੀ ਨਿਆਂ ਪ੍ਰਣਾਲੀ ਵਿੱਚ ਕੋਈ ਭਰੋਸਾ ਨਹੀਂ ਰਿਹਾ।

ਵਰਨਣਯੋਗ ਹੈ ਕਿ ਮਨਮੁਕਤ 2012 ਬੈਚ ਅਤੇ ਹਿਮਾਚਲ ਪ੍ਰਦੇਸ਼ ਕੇਡਰ ਦੇ ਬਹੁਤ ਹੀ ਹੁਸ਼ਿਆਰ ਅਤੇ ਊਰਜਾਵਾਨ ਪੁਲਿਸ ਅਧਿਕਾਰੀ ਸਨ। 23 ਨਵੰਬਰ, 1983 ਨੂੰ ਹਿਸਾਰ (ਹਰਿਆਣਾ) ਵਿੱਚ ਜਨਮੇ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਉਚੇਰੀ ਸਿੱਖਿਆ ਹਾਸਲ ਕਰਨ ਵਾਲੇ ਮਨਮੁਕਤ ਨੇ 'ਸੀ' ਸਰਟੀਫਿਕੇਟ ਸਮੇਤ ਐਨ.ਸੀ.ਸੀ. ਦੀਆਂ ਸਾਰੀਆਂ ਉੱਚ ਪ੍ਰਾਪਤੀਆਂ ਹਾਸਲ ਕੀਤੀਆਂ ਸਨ। ਇੱਕ ਬਹੁਤ ਵਧੀਆ ਚਿੰਤਕ ਹੋਣ ਤੋਂ ਇਲਾਵਾ, ਉਹ ਇੱਕ ਬਹੁਮੁਖੀ ਕਲਾਕਾਰ ਅਤੇ ਸਫਲ ਫੋਟੋਗ੍ਰਾਫਰ ਵੀ ਸੀ; ਉਹ ਸੈਲਫੀ ਦਾ ਮਾਹਰ ਸੀ। ਸਮਾਜ ਸੇਵਾ ਵਿੱਚ ਵੀ ਉਨ੍ਹਾਂ ਦੀ ਬਹੁਤ ਦਿਲਚਸਪੀ ਸੀ। ਉਹ ਆਪਣੇ ਦਾਦਾ-ਦਾਦੀ ਦੀ ਯਾਦ ਵਿੱਚ ਆਪਣੇ ਜੱਦੀ ਪਿੰਡ ਵਿੱਚ ਇੱਕ ਸਿਹਤ ਕੇਂਦਰ ਅਤੇ ਨਾਰਨੌਲ ਵਿੱਚ ਇੱਕ ਸਿਵਲ ਸਰਵਿਸ ਅਕੈਡਮੀ ਦੀ ਸਥਾਪਨਾ ਕਰਨਾ ਚਾਹੁੰਦਾ ਸੀ। ਦੇਸ਼ ਅਤੇ ਸਮਾਜ ਲਈ ਉਸ ਦੇ ਹੋਰ ਵੀ ਕਈ ਸੁਪਨੇ ਸਨ, ਜੋ ਉਸ ਦੀ ਬੇਵਕਤੀ ਮੌਤ ਨਾਲ ਤਬਾਹ ਹੋ ਗਏ।

ਇਕਲੌਤੇ ਨੌਜਵਾਨ ਆਈਪੀਐਸ ਪੁੱਤਰ ਦੀ ਮੌਤ ਮਨਮੁਕਤ ਦੇ ਪਿਤਾ, ਸੀਨੀਅਰ ਸਾਹਿਤਕਾਰ ਅਤੇ ਸਿੱਖਿਆ ਸ਼ਾਸਤਰੀ ਡਾ: ਰਾਮਨਿਵਾਸ 'ਮਾਨਵ' ਅਤੇ ਮਾਂ, ਸਾਬਕਾ ਅਰਥ ਸ਼ਾਸਤਰ ਦੀ ਪ੍ਰੋਫੈਸਰ ਡਾ: ਕਾਂਤਾ ਭਾਰਤੀ ਲਈ ਕਿਸੇ ਭਿਆਨਕ ਗਰਜ ਤੋਂ ਘੱਟ ਨਹੀਂ ਸੀ। ਜੇਕਰ ਇਹ ਕੋਈ ਹੋਰ ਜੋੜਾ ਹੁੰਦਾ ਤਾਂ ਸ਼ਾਇਦ ਉਹ ਚਕਨਾਚੂਰ ਹੋ ਜਾਂਦਾ, ਪਰ 'ਮਨੁੱਖੀ' ਜੋੜੇ ਨੇ ਅਦਭੁਤ ਸਬਰ ਅਤੇ ਸਾਹਸ ਦਾ ਪ੍ਰਦਰਸ਼ਨ ਕਰਦਿਆਂ ਨਾ ਸਿਰਫ਼ ਇਸ ਅਕਲਪਿਤ-ਅਸਹਿ ਦਰਦ ਨੂੰ ਝੱਲਿਆ, ਸਗੋਂ ਆਪਣੇ ਪੁੱਤਰ ਦੀਆਂ ਯਾਦਾਂ ਨੂੰ ਸੰਭਾਲਣ ਅਤੇ ਸਾਂਭਣ ਦੀ ਪੂਰੀ ਕੋਸ਼ਿਸ਼ ਵੀ ਕੀਤੀ। ਨੇ ਵੀ ਯਤਨ ਸ਼ੁਰੂ ਕਰ ਦਿੱਤੇ ਹਨ। ਉਸਨੇ 10 ਅਕਤੂਬਰ 2014 ਨੂੰ ਆਪਣੀ ਸਾਰੀ ਬੱਚਤ ਲਗਾ ਕੇ ਮਨਮੁਕਤ 'ਮਾਨਵ' ਮੈਮੋਰੀਅਲ ਟਰੱਸਟ ਦਾ ਗਠਨ ਕੀਤਾ ਅਤੇ ਨਾਰਨੌਲ ਵਿੱਚ 'ਮਨੁ-ਮੁਕਤ ਭਵਨ' ਦਾ ਨਿਰਮਾਣ ਕੀਤਾ ਅਤੇ ਇਸ ਵਿੱਚ ਇੱਕ ਏਅਰ ਕੰਡੀਸ਼ਨਡ ਮਿੰਨੀ ਆਡੀਟੋਰੀਅਮ, ਅਜਾਇਬ ਘਰ ਅਤੇ ਲਾਇਬ੍ਰੇਰੀ ਦੀ ਸਥਾਪਨਾ ਕੀਤੀ। ਟਰੱਸਟ ਨੇ 2.5 ਲੱਖ ਰੁਪਏ ਦਾ ਇੱਕ ਅੰਤਰਰਾਸ਼ਟਰੀ ਪੁਰਸਕਾਰ, ਇੱਕ ਲੱਖ ਦਾ ਇੱਕ ਰਾਸ਼ਟਰੀ ਪੁਰਸਕ-ਾਰ, 21,000 ਰੁਪਏ ਦੇ ਦੋ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੁਰਸਕਾਰ ਅਤੇ 11,000 ਰੁਪਏ ਦੇ ਤਿੰਨ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੁਰਸਕਾਰ ਅਤੇ 100 ਮਨਮੁਕਤ 'ਮਾਨਵ' ਯਾਦਗਾਰੀ ਪੁਰਸਕਾਰ ਸ਼ੁਰੂ ਕੀਤੇ।

ਮਨਮੁਕਤ ‘ਮਾਨਵ’ ਨਾ ਸਿਰਫ਼ ਨੌਜਵਾਨ ਸ਼ਕਤੀ ਦਾ ਪ੍ਰਤੀਕ ਸੀ ਸਗੋਂ ਪ੍ਰੇਰਨਾ ਸਰੋਤ ਵੀ ਸੀ। ਉਨ੍ਹਾਂ ਦੀ ਮੌਤ ਤੋਂ ਇਕ ਦਹਾਕਾ ਬਾਅਦ ਵੀ ਉਨ੍ਹਾਂ ਨੂੰ ਬੜੇ ਸਤਿਕਾਰ ਨਾਲ ਯਾਦ ਕੀਤਾ ਜਾਂਦਾ ਹੈ। ਪਰਿਵਾਰ ਨੇ ਮੀਡੀਆ, ਸੋਸ਼ਲ ਮੀਡੀਆ ਅਤੇ ਫੇਸਬੁੱਕ ਰਾਹੀਂ ਉਸ ਦੀਆਂ ਪ੍ਰੇਰਨਾਦਾਇਕ ਯਾਦਾਂ ਨੂੰ ਜਿੰਦਾ ਰੱਖਿਆ ਹੈ। ਇਸ ਦੇ ਲਈ ਮਨਮੁਕਤ ਦੀ ਵੱਡੀ ਭੈਣ ਅਤੇ ਵਿਸ਼ਵ ਬੈਂਕ ਵਾਸ਼ਿੰਗਟਨ ਡੀਸੀ (ਅਮਰੀਕਾ) ਦੇ ਸੀਨੀਅਰ ਅਰਥ ਸ਼ਾਸਤਰੀ ਡਾ: ਐਸ ਅਨੁਕ੍ਰਿਤੀ ਦਾ ਵੀ ਪੂਰਾ ਸਹਿਯੋਗ ਮਿਲਦਾ ਹੈ। ਅੰਤ ਵਿੱਚ, ਮਨੁਮੁਕਤ ਦੇ ਬੈਚਮੇਟ, ਭਾਰਤੀ ਪ੍ਰਸ਼ਾਸਨਿਕ ਸੇਵਾ ਅਧਿਕਾਰੀ ਅਤੇ ਸੰਪ੍ਰਤੀ ਧਮਤਰੀ (ਛੱਤੀਸਗੜ੍ਹ) ਦੀ ਜ਼ਿਲ੍ਹਾ ਮੈਜਿਸਟਰੇਟ, ਨਮਰਤਾ ਗਾਂਧੀ ਦੇ ਸ਼ਬਦਾਂ ਵਿੱਚ, ਇਹ ਕਿਹਾ ਜਾ ਸਕਦਾ ਹੈ, *"ਮਨੁਮੁਕਤ ਸਾਡੇ ਲਈ ਇੱਕ ਵੱਡਾ ਭਰਾ, ਦੋਸਤ, ਦਾਰਸ਼ਨਿਕ ਅਤੇ ਮਾਰਗਦਰਸ਼ਕ ਸੀ। ਉਸਦੀ ਸ਼ਖਸੀਅਤ ਵਿੱਚ ਹਾਸੇ ਦੀ ਇੱਕ ਮਹਾਨ ਭਾਵਨਾ ਸੀ, ਜਿਸਦਾ ਬਾਹਰੋਂ ਅੰਦਾਜ਼ਾ ਲਗਾਉਣਾ ਮੁਸ਼ਕਲ ਸੀ, ਉਹ ਇੱਕ ਸ਼ਾਨਦਾਰ ਪ੍ਰਸ਼ਾਸਕ, ਇੱਕ ਸਤਿਕਾਰਯੋਗ ਉੱਚ ਅਤੇ ਭਰੋਸੇਮੰਦ ਜੂਨੀਅਰ ਸੀ। ਉਹ ਸਾਰਿਆਂ ਦਾ ਚਹੇਤਾ ਸਾਥੀ ਅਤੇ ਸਾਥੀ ਸੀ, ਉਸ ਨੂੰ ਭੁਲਾਉਣਾ ਸਾਡੇ ਵਿੱਚੋਂ ਕਿਸੇ ਲਈ ਵੀ ਸੰਭਵ ਨਹੀਂ ਹੈ।






The Mortgage Centre
We work for *you*, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com

CALL JAG FOR A QUICK & FREE HOME EVALUATION
www BramptonTopRealtor.com www BramptonTopAgent.com


URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

NEW Listing in *BRAMPTON*
Hwy 10/Sandalwood/Braidwood



50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੁਇਟ ਅਤੇ Walk-in ਕਲੋਜ਼ਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੋਪ, 64"Built-in Fridge, Extra furnance, Heated Garage, Sec camera, storage in backyard.

Listed in *BRAMPTON*
Bovaird/Mclaughlin/Fletchers Creek Blvd




2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੇਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੁਇਟ, Walk-in ਕਲੋਜ਼ਿਟ, Laundary on 2nd ਫਲੋਰ ਅਤੇ ਬੇਸਮੇਂਟ। Newly ਅਪਗਰੇਡਿਡ।

Listed in *MISSISSAUGA*
Burnhamthorpe/Confederation




900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀੱਚਨ ਕੇਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.

NEW Listing in *BRAMPTON*
Chinguacousy/Williams Pkwy/Bovaird



ਡਿਟੈਚਡ ਹਾਊਸ Approx. 2000sq.ft. 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੇਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੁਇਟ ਅਤੇ Walk-in ਕਲੋਜ਼ਿਟ, Electric Fireplace, Extended concreted ਡਰਾਈਵੇਅ, storage in backyard, pond & more.

Listed in *BRAMPTON*
Bramalea/Queen St/Hwy 7



1301 sq.ft. Corner End-Unit Apartment 3 ਬੈਡਰੂਮ + 2 ਵਾਸ਼ਰੂਮ 1 ਕਾਰ ਪਾਰਕਿੰਗ + ਸਟੋਰੇਜ ਨਾਲ, ਲੈਮੀਨੇਟ ਅਤੇ ਸਿਰਾਮਿਕ ਫਲੋਰ, No ਕਾਰਪੇਟ। Huge ਕੀੱਚਨ, ਮਾਸਟਰ ਬੈਡਰੂਮ with 2-ਪੀਸ ਇਨਸੁਇਟ ਅਤੇ ਖੁੱਲੀ ਕਲੋਜ਼ਿਟ, Walking distance to Bramalea City Centre & more.

SOLD in *BRAMPTON*
Clarkway/Cottrelle/Hwy 50



2100 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 4 ਵਾਸ਼ਰੂਮ 2 ਬੈਡਰੂਮ, ਫਿਨੀਸ਼ਡ ਬੇਸਮੇਂਟ, 9 ਫੁੱਟ ਸੀਲਿੰਗ, Quartz ਕਾਊਂਟਰਟੋਪ, 5-ਪੀਸ ਇਨਸੁਇਟ ਅਤੇ His & Her ਕਲੋਜ਼ਿਟ, Laundary on ਮੇਨ ਫਲੋਰ ਅਤੇ ਬੇਸਮੇਂਟ ਵਿੱਚ। ਸਹੂਲਤਾਂ ਦੇ ਬਹੁਤ ਨੇੜੇ: ਗਰਸਰੀ ਸਟੋਰ, Shoppers, Pizza Pizza & more.

FREE
- ✓ Full MLS Services
- ✓ Consistently Marketing Your Property Until SOLD
- ✓ Staging Consultation
- ✓ Billboard, Flyer, Newspaper
- ✓ Online Promotion
- ✓ Professional Pictures and Virtual Tour
- ✓ Social media & Radio Advertisement
- ✓ Open House Until Sold
- ✓ Competitive Rates, Exceptional Service & Award Winning Results

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com